ਰੋਜ਼ਾਨਾ **ਲੋਕ ਬਾਣੀ** ਸੱਚ ਤੇ ਨਿਡਰ ਆਵਾਜ਼

Email : lokbani08@gmail.com | ਬੁੱਧਵਾਰ, 27 ਅਪ੍ਰੈਲ 2022 | ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

R.N.I. Punpun/29016/2008 ✲ ਸਾਲ : 14 ✲ ਅੰਕ : 411 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111


ਇਸ਼ਤਿਹਾਰ ਲਵਾਓ ਵਪਾਰ ਵਧਾਓ
ਰੋਜ਼ਾਨਾ ਲੋਕ ਬਾਣੀ
ਅਖ਼ਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com

# ਕਰਾਚੀ ਯੂਨੀਵਰਸਿਟੀ ਕੰਪਲੈਕਸ ਅੰਦਰ ਵੈਨ ਧਮਾਕੇ

**ਕਰਾਚੀ/ਲੋਕ ਬਾਣੀ**

ਕਰਾਚੀ ਯੂਨੀਵਰਸਿਟੀ ਕੰਪਲੈਕਸ ਅੰਦਰ ਵੈਨ ਧਮਾਕੇ ਵਿੱਚ 3 ਵਿਦੇਸ਼ੀਆਂ ਸਮੇਤ 5 ਵਿਅਕਤੀਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖ਼ਮੀ ਹੋ ਗਏ। ਰਿਪੋਰਟਾਂ ਮੁਤਾਬਕ ਇਹ ਧਮਾਕਾ ਕਰਾਚੀ ਯੂਨੀਵਰਸਿਟੀ ਦੇ ਕਨਫਿਊਸ਼ੀਅਸ ਇੰਸਟੀਚਿਊਟ ਨੇੜੇ ਇਕ ਵੈਨ ਵਿਚ ਹੋਇਆ। ਧਮਾਕੇ ਤੋਂ ਬਾਅਦ ਬਚਾਅ ਅਤੇ ਸੁਰੱਖਿਆ ਏਜੰਸੀਆਂ ਮੌਕੇ @ਤੇ ਪਹੁੰਚ ਗਈਆਂ। ਪੁਲੀਸ ਸੂਤਰਾਂ ਨੇ ਦੱਸਿਆ ਕਿ ਵੈਨ ਵਿੱਚ ਸੱਤ ਤੋਂ ਅੱਠ ਵਿਅਕਤੀ ਸਵਾਰ ਸਨ, ਹਾਲਾਂਕਿ ਹਾਲੇ ਤੱਕ ਮਾਰੇ ਗਏ ਲੋਕਾਂ ਦੀ ਸਹੀ ਗਿਣਤੀ ਦੀ ਰਿਪੋਰਟ ਨਹੀਂ ਕੀਤੀ ਗਈ ਹੈ।





## ਪੰਜਾਬ ਤੇ ਦਿੱਲੀ ਇਕ-ਦੂਜੇ ਨੂੰ ਵੰਡਣਗੇ 'ਗਿਆਨ'

**ਨਵੀਂ ਦਿੱਲੀ/ਲੋਕ ਬਾਣੀ:-** ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ ਕਿਹਾ ਹੈ ਕਿ ਦਿੱਲੀ ਅਤੇ ਪੰਜਾਬ ਸਰਕਾਰ ਨੇ ਬਿਹਤਰ ਸਿਹਤ, ਸਿੱਖਿਆ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਨੂੰ ਸਮਰੱਥ ਬਣਾਉਣ ਲਈ @ਗਿਆਨ ਸਾਂਝਾ ਸਮਝੌਤਾ@ @ਤੇ ਦਸਤਖਤ ਕੀਤੇ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਗਿਆਨ ਸਾਂਝਾ ਕਰਨ ਲਈ ਦਿੱਲੀ ਅਤੇ ਪੰਜਾਬ ਦੀਆਂ ਸਰਕਾਰਾਂ ਅਧਿਕਾਰੀਆਂ ਅਤੇ ਮੰਤਰੀਆਂ ਨੂੰ ਇਕ-ਦੂਜੇ ਦੇ ਦੌਰੇ @ਤੇ ਭੇਜਣਗੀਆਂ।

## ਦੇਸ਼ 'ਚ ਨਕਸਲੀ ਹਿੰਸਾ ਦੀਆਂ ਘਟਨਾਵਾਂ 'ਚ ਆਈ ਕਮੀ : ਗ੍ਰਹਿ ਮੰਤਰਾਲਾ



**ਨਵੀਂ ਦਿੱਲੀ/ਲੋਕ ਬਾਣੀ**

ਦੇਸ਼ 'ਚ 2013 ਦੀ ਤੁਲਨਾ 'ਚ 2020 'ਚ ਨਕਸਲੀ ਹਿੰਸਾ ਦੀਆਂ ਘਟਨਾਵਾਂ 'ਚ 41 ਫ਼ੀਸਦੀ ਅਤੇ ਮੌਤਾਂ 'ਚ 54 ਫ਼ੀਸਦੀ ਦੀ ਕਮੀ ਆਈ ਹੈ। ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਕਾਫੀ ਹੱਦ ਤੱਕ ਸੀਮਤ ਕਰ ਦਿੱਤਾ ਗਿਆ ਹੈ ਅਤੇ ਮਾਓਵਾਦੀ ਹਿੰਸਾ ਦੀਆਂ 88 ਫ਼ੀਸਦੀ ਘਟਨਾਵਾਂ ਸਿਰਫ 30 ਜ਼ਿਲ੍ਹਿਆਂ 'ਚ ਸਾਹਮਣੇ ਆਈਆਂ ਹਨ। ਗ੍ਰਹਿ ਮੰਤਰਾਲਾ ਦੀ 2020-21 ਲਈ ਸਾਲਾਨਾ ਰਿਪੋਰਟ ਮੁਤਾਬਕ 2013 'ਚ 10 ਸੂਬਿਆਂ ਦੇ 76 ਜ਼ਿਲ੍ਹਿਆਂ ਦੇ 328 ਪੁਲਸ ਥਾਣਿਆਂ ਦੀ ਤੁਲਨਾ 'ਚ 2020 'ਚ 9 ਸੂਬਿਆਂ ਦੇ 53 ਜ਼ਿਲ੍ਹਿਆਂ ਦੇ 226 ਪੁਲਸ ਥਾਣਿਆਂ ਤੋਂ ਨਕਸਲੀ ਹਿੰਸਾ ਦੀ ਸੂਚਨਾ ਮਿਲੀ ਸੀ। ਰਿਪੋਰਟ ਮੁਤਾਬਕ ਪਿਛਲੇ 6 ਸਾਲਾਂ 'ਚ ਖੱਬੇਪੱਖੀ ਕੱਟੜਵਾਦ ਹਿੰਸਾ 'ਚ ਜ਼ਿਕਰਯੋਗ ਗਿਰਾਵਟ ਵੇਖੀ ਗਈ ਹੈ। ਸਾਲ 2011 'ਚ ਸ਼ੁਰੂ ਹੋਈ ਗਿਰਾਵਟ ਦਾ ਸਿਲਸਿਲਾ 2020 'ਚ ਵੀ ਜਾਰੀ ਰਿਹਾ। ਗ੍ਰਹਿ ਮੰਤਰਾਲਾ ਦੀ ਸਾਲਾਨਾ ਰਿਪੋਰਟ 'ਚ ਕਿਹਾ ਗਿਆ ਕਿ 2013 ਦੀ ਤੁਲਨਾ 'ਚ 2020 'ਚ ਹਿੰਸਕ ਘਟਨਾਵਾਂ 'ਚ ਕੁੱਲ 41 ਫ਼ੀਸਦੀ ਦੀ ਕਮੀ ਆਈ ਅਤੇ ਇਹ ਗਿਣਤੀ 1,136 ਤੋਂ ਘੱਟ ਕੇ 665 ਰਹਿ ਗਈ।

## ਸਾਬਕਾ DGP ਸੁਮੇਧ ਸੈਣੀ ਦੀ ਜ਼ਮਾਨਤ ਅਰਜ਼ੀ ਖਾਰਿਜ

**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਦੇ ਸਾਬਕਾ ਡੀ. ਜੀ. ਪੀ. ਸੁਮੇਧ ਸੈਣੀ ਦੀ ਰੈਗੂਲਰ ਜ਼ਮਾਨਤ ਅਰਜ਼ੀ 'ਤੇ ਮੁਹਾਲੀ ਅਦਾਲਤ ਨੇ ਆਪਣਾ ਫ਼ੈਸਲਾ ਸੁਣਾ ਦਿੱਤਾ ਹੈ। ਅਦਾਲਤ ਨੇ ਜ਼ਮਾਨਤ ਦੀ ਅਰਜ਼ੀ ਖਾਰਿਜ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਸੁਮੇਧ ਸੈਣੀ ਦੀ ਅੱਜ ਮੁਹਾਲੀ 'ਚ ਚੰਡੀਗੜ੍ਹ ਸੈਕਟਰ 20 'ਚ ਸਥਿਤ ਉਨ੍ਹਾਂ ਦੀ ਕੋਠੀ ਵਾਲੇ ਕੇਸ ਦੀ ਸੁਣਵਾਈ ਹੋਣੀ ਸੀ। ਦੱਸ ਦੇਈਏ ਕਿ ਸੁਮੇਧ ਸੈਣੀ 'ਤੇ ਆਮਦਨ ਤੋਂ ਵੱਧ ਜਾਇਦਾਦ ਹੋਣ ਕਾਰਨ ਐੱਫ. ਆਈ. ਆਰ. ਦਰਜ ਕੀਤੀ ਗਈ ਸੀ। 25 ਅਪ੍ਰੈਲ ਤੱਕ ਮੋਹਾਲੀ ਅਦਾਲਤ ਨੇ ਫੈਸਲਾ ਸੁਰੱਖਿਅਤ ਰੱਖਿਆ ਹੋਇਆ ਸੀ। ਇਸ ਤੋਂ ਇਲਾਵਾ ਸੈਣੀ ਨੂੰ ਸੁਪਰੀਮ ਕੋਰਟ ਤੋਂ ਬਲੈਂਕੇਟ ਬੇਲ ਮਿਲੀ ਹੋਈ ਹੈ।

## ਵਿਰੋਧੀਆਂ ਤੋਂ ਰਿਆਇਤਾਂ ਲੈਣ ਲਈ ਦਬਾਅ ਬਣਾਉਣ ਲਈ ਹਥਿਆਰਾਂ ਦਾ ਪ੍ਰੀਖਣ ਜਾਰੀ ਰਹੇਗਾ : ਕਿਮ



**ਸਿਓਲ/ਲੋਕ ਬਾਣੀ:-** ਉੱਤਰੀ ਕੋਰੀਆ ਦੇ ਆਗੂ ਕਿਮ ਜੋਂਗ-ਉਨ ਨੇ ਫ਼ੌਜੀ ਪਰੇਡ ਦੌਰਾਨ ਭਾਸ਼ਨ ਵਿੱਚ ਦੇਸ਼ ਦੀ ਪਰਮਾਣੂ ਸਮਰੱਥਾ ਨੂੰ 'ਤੇਜ਼ੀ ਨਾਲ' ਵਧਾਉਣ ਦਾ ਵਾਅਦਾ ਕੀਤਾ ਅਤੇ ਉਕਸਾਏ ਜਾਣ 'ਤੇ ਇਸ ਦੀ ਵਰਤੋਂ ਕਿਸੇ ਵੀ ਦੇਸ਼ ਖ਼ਿਲਾਫ਼ ਕਰਨ ਦੀ ਧਮਕੀ ਦਿੱਤੀ। ਸਰਕਾਰੀ ਮੀਡੀਆ ਨੇ ਅੱਜ ਇਹ ਜਾਣਕਾਰੀ ਦਿੱਤੀ। ਕਿਮ ਦੇ ਬਿਆਨ ਤੋਂ ਸਪੱਸ਼ਟ ਹੈ ਕਿ ਉੱਤਰੀ ਕੋਰੀਆ ਅਮਰੀਕਾ ਅਤੇ ਹੋਰ ਵਿਰੋਧੀਆਂ ਤੋਂ ਰਿਆਇਤਾਂ ਲੈਣ ਲਈ ਦਬਾਅ ਬਣਾਉਣ ਲਈ ਹਥਿਆਰਾਂ ਦਾ ਪ੍ਰੀਖਣ ਜਾਰੀ ਰੱਖੇਗਾ।ਉੱਤਰੀ ਕੋਰੀਆ ਨੇ ਆਪਣੀ ਫੌਜ ਦੀ ਸਥਾਪਨਾ ਦੀ 90ਵੀਂ ਵਰ੍ਹੇਗੰਢ ਨੂੰ ਮਨਾਉਣ ਲਈ ਸੋਮਵਾਰ ਰਾਤ ਨੂੰ ਰਾਜਧਾਨੀ ਵਿੱਚ ਫੌਜੀ ਪਰੇਡ ਕੱਢੀ।

## ਗਡਕਰੀ ਨੇ ਦਿੱਤੀ ਐਲਨ ਮਸਕ ਨੂੰ ਨਸੀਹਤ



**ਨਵੀਂ ਦਿੱਲੀ/ਲੋਕ ਬਾਣੀ**

ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨੇ ਇਕ ਵਾਰ ਫਿਰ ਐਲਨ ਮਸਕ ਦੀ ਕੰਪਨੀ ਟੈਸਲਾ ਨੂੰ ਨਸੀਹਤ ਦਿੱਤੀ ਹੈ। ਗਡਕਰੀ ਨੇ ਕਿਹਾ ਕਿ ਟੈਸਲਾ ਭਾਰਤ 'ਚ ਆਪਣਾ ਸੈੱਟਅੱਪ ਲਾ ਸਕਦੀ ਹੈ। ਕੰਪਨੀ ਦਾ ਭਾਰਤ 'ਚ ਵਿਕਰੀ ਲਈ ਕਾਰ ਬਣਾਉਣ ਅਤੇ ਉਨ੍ਹਾਂ ਨੂੰ ਨਿਰਯਾਤ ਕਰਨ ਲਈ ਸਵਾਗਤ ਹੈ ਪਰ ਚੀਨ ਤੋਂ ਕਾਰਾਂ ਦਾ ਆਯਾਤ ਨਹੀਂ ਹੋਵੇਗਾ। ਗਡਕਰੀ ਨੇ ਇਕ ਸੰਮੇਲਨ ਦੌਰਾਨ ਕਿਹਾ ਕਿ ਚੀਨ 'ਚ ਬਣਾਉਣਾ ਅਤੇ ਭਾਰਤ 'ਚ ਵੇਚਣਾ ਇਹ ਇਕ ਚੰਗਾ ਪ੍ਰਸਤਾਵ (ਆਫ਼ਰ) ਨਹੀਂ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਮੇਕ ਇਨ ਇੰਡੀਆ' 'ਤੇ ਜ਼ੋਰ ਦਿੰਦੇ ਹਨ। ਇਹ ਹੀ ਕਾਰਨ ਹੈ ਕਿ ਕੇਂਦਰੀ ਮੰਤਰੀ ਨਿਤਿਨ ਗਡਕਰੀ ਦਾ ਇਹ ਬਿਆਨ ਸਾਹਮਣੇ ਆਇਆ ਹੈ। ਦੱਸ ਦੇਈਏ ਕਿ ਟੈਸਲਾ ਭਾਰਤ 'ਚ ਆਪਣੇ ਇਲੈਕਟ੍ਰਿਕ ਵਾਹਨਾਂ ਨੂੰ ਆਯਾਤ ਅਤੇ ਵੇਚਣ ਲਈ ਬੇਤਾਬ ਹੈ। ਉੱਥੇ ਹੀ ਟੈਸਲਾ ਦੇ ਸੀ. ਈ. ਓ. ਐਲਨ ਮਸਕ ਨੂੰ ਲੱਗਦਾ ਹੈ ਕਿ ਭਾਰਤ 'ਚ ਦੁਨੀਆ ਦੇ ਮੁਕਾਬਲੇ ਟੈਰਿਫ ਸਭ ਤੋਂ ਜ਼ਿਆਦਾ ਹੈ। ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ ਟੈਸਲਾ ਨੂੰ ਅਗਸਤ 'ਚ ਭਾਰਤ 'ਚ 4 ਮਾਡਲ ਬਣਾਉਣ ਅਤੇ ਆਯਾਤ ਕਰਨ ਦੀ ਮਨਜ਼ੂਰੀ ਮਿਲੀ ਹੈ। ਟੈਸਲਾ ਦੇ ਸੀ. ਈ. ਓ. ਐਲਨ ਮਸਕ ਨੇ ਕੁਝ ਸਮਾਂ ਪਹਿਲਾਂ ਭਾਰਤ 'ਚ ਕਾਰ ਲਾਂਚ ਕਰਨ ਨੂੰ ਲੈ ਕੇ ਇਕ ਵੱਡਾ ਬਿਆਨ ਦਿੱਤਾ ਸੀ। ਉਨ੍ਹਾਂ ਨੇ ਟਵਿੱਟਰ 'ਤੇ ਇਕ ਯੂਜ਼ਰ ਦੇ ਸਵਾਲ ਦਾ ਜਵਾਬ ਦਿੰਦੇ ਹੋਏ ਕਿਹਾ ਸੀ ਕਿ ਉਹ ਸਰਕਾਰ ਨਾਲ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ।

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜੁਰਮਾਂ 'ਤੇ ਰੋਕ ਲਾਉਣ ਲਈ ਕਮਿਸ਼ਨਰੇਟ ਪੁਲਸ ਨੇ ਕੱਸੀ ਕਮਰ

**ਜਲੰਧਰ/ਵਰਿੰਦਰ ਮਹਿਰਾ**

ਸ਼ਹਿਰ ਵਿਚ ਅਮਨ-ਸ਼ਾਂਤੀ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ, ਵਧ ਰਹੇ ਜੁਰਮਾਂ 'ਤੇ ਕਾਬੂ ਪਾਉਣ, ਚੋਰਾਂ-ਲੁਟੇਰਿਆਂ ਅਤੇ ਸ਼ੱਕੀ ਲੋਕਾਂ ਦੀ ਨਕੇਲ ਕੱਸਣ ਲਈ ਸ਼ਹਿਰ ਦੇ ਨਵ-ਨਿਯੁਕਤ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਤੂਰ ਨੇ ਪੂਰੀ ਤਰ੍ਹਾਂ ਕਮਰ ਕੱਸ ਲਈ ਹੈ। 'ਜਗ ਬਾਣੀ' ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਸੀ. ਪੀ. ਤੂਰ ਨੇ ਦੱਸਿਆ ਕਿ ਇਹ ਸ਼ਹਿਰ ਉਨ੍ਹਾਂ ਲਈ ਨਵਾਂ ਨਹੀਂ ਹੈ, ਸਗੋਂ ਉਹ ਪਹਿਲਾਂ ਵੀ ਜਲੰਧਰ ਵਿਚ ਬਤੌਰ ਏ. ਡੀ. ਸੀ. ਪੀ. ਸਿਟੀ-1 ਸੇਵਾਵਾਂ ਦੇ ਚੁੱਕੇ ਹਨ। ਵਾਹਿਗੁਰੂ ਦੇ ਆਸ਼ੀਰਵਾਦ ਨਾਲ ਉਨ੍ਹਾਂ ਨੂੰ ਦੁਬਾਰਾ ਸ਼ਹਿਰ ਵਾਸੀਆਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਪੁਲਸ ਕਮਿਸ਼ਨਰ ਦਾ ਚਾਰਜ ਸੰਭਲਣ ਦੇ ਨਾਲ ਹੀ ਉਨ੍ਹਾਂ ਪੁਲਸ ਅਧਿਕਾਰੀਆਂ ਅਤੇ ਥਾਣਾ ਇੰਚਾਰਜਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਉਨ੍ਹਾਂ ਸਾਰੇ ਥਾਣਾ ਇੰਚਾਰਜਾਂ ਨੂੰ ਸਾਫ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਇਲਾਕੇ ਵਿਚ ਕੋਈ ਜੁਰਮ ਹੋਇਆ ਤਾਂ ਉਸਦੀ ਜਵਾਬਦੇਹੀ ਥਾਣਾ ਇੰਚਾਰਜ ਦੀ ਹੋਵੇਗੀ।

ਸੀ. ਪੀ. ਨੇ ਦੱਸਿਆ ਕਿ ਸ਼ਹਿਰ ਨੂੰ ਜੁਰਮ ਅਤੇ ਨਸ਼ਾ-ਮੁਕਤ ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ। ਉਨ੍ਹਾਂ ਜੁਰਮ ਦੇ ਖਾਤਮੇ ਲਈ ਸ਼ਹਿਰ ਵਾਸੀਆਂ ਦੇ ਸਹਿਯੋਗ ਦੀ ਵੀ ਮੰਗ ਕੀਤੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਕਿਹਾ ਕਿ ਉਹ ਨਿਡਰ ਹੋ ਕੇ ਸ਼ੱਕੀ ਲੋਕਾਂ, ਨਸ਼ਾ ਸਮੱਗਲਰਾਂ ਤੇ ਮੁਜਰਿਮਾਂ ਦੀ ਸੂਚਨਾ ਪੁਲਸ ਨੂੰ ਦੇਣ। ਸੂਚਨਾ ਦੇਣ ਵਾਲੇ ਦਾ ਨਾਂ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਸਾਫ ਕਿਹਾ ਕਿ ਪੁਲਸ ਅਤੇ ਪਬਲਿਕ ਦੇ ਸਹਿਯੋਗ ਨਾਲ ਸ਼ਹਿਰ ਵਿਚੋਂ ਜੁਰਮ ਦਾ ਜੜ੍ਹ ਤੋਂ ਖਾਤਮਾ ਕੀਤਾ ਜਾ ਸਕਦਾ ਹੈ। ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਦੱਸਿਆ ਕਿ ਸ਼ਹਿਰ ਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰੋਜ਼ਾਨਾ ਸ਼ਾਮੀਂ 5 ਤੋਂ 10 ਵਜੇ ਤੱਕ 5 ਘੰਟੇ ਸ਼ਹਿਰ ਨੂੰ ਸੀਲ ਕਰ ਕੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਜਾਵੇਗੀ। ਨਾਕਿਆਂ 'ਤੇ ਥਾਣਾ ਇੰਚਾਰਜ ਵੀ ਤਾਇਨਾਤ ਰਹਿਣਗੇ।

# ਵਿਆਹੁਤਾ ਨੇ ਲਾਏ ਸਹੁਰਾ ਪਰਿਵਾਰ ਤੇ ਕੁੱਟ ਮਾਰ ਤੇ ਬਚੇ ਨੂੰ ਅਗਵਾ ਕਰਨ ਦੇ ਦੋਸ਼

**ਜਲੰਧਰ/ਰਾਕੇਸ਼ ਵਰਮਾ**

ਜਲੰਧਰ ਸ਼ਹਿਰ ਵਿੱਚ ਇਕ ਵਿਆਹੁਤਾ ਨੇ ਪੰਜਾਬ ਵਿੱਚ ਨਵੀਂ ਬਣੀ ਆਮ ਆਦਮੀ ਪਾਰਟੀ ਸਰਕਾਰ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਪਾਸੋ ਮੰਗ ਕੀਤੀ ਕਿ ਉਸਦਾ ਸਹੁਰਾ ਪਰਿਵਾਰ ਉਸ ਦੀ ਕੁੱਟਮਾਰ ਕਰਦਾ ਹੈ ਅਤੇ ਉਸ ਦੇ ਬੱਚੇ ਨੂੰ ਅਗਵਾ ਕਰਨ ਦੀਆਂ ਧਮਕੀਆਂ ਦਿੰਦੇ ਹਨ ਜਿਸ ਸਬੰਧੀ ਉਸ ਨੇ ਪੁਲਸ ਨੂੰ ਲਿਖਤੀ ਸ਼ਿਕਾਇਤ ਦਿੱਤੀ ਹੈ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੀੜਤ ਔਰਤ ਕਿੰਦਰ ਕੰਵਲ ਨੇ ਦੱਸਿਆ ਕਿ ਉਸਦਾ ਸਹੁਰਾ ਪਰਿਵਾਰ ਉਸ ਨੂੰ ਬਹੁਤ ਤੰਗ ਪ੍ਰੇਸ਼ਾਨ ਕਰਦੇ ਹਨ ਜੋ ਇਨਸਾਫ ਲੈਣ ਲਈ ਦਰ ਦਰ ਦੀਆਂ ਠੋਕਰਾਂ ਖਾ ਰਹੀ ਹੈ ਪੀੜਤਾ ਨੇ ਕਿਹਾ ਕਿ ਉਸ ਦੀ ਸੱਸ ਉਸ ਨੂੰ ਗਰਭ ਵਿਚ ਬੱਚੇ ਦਾ ਟੈਸਟ ਕਰਵਾਉਣ ਲਈ ਵੀ ਮਜਬੂਰ ਕਰਦੀ ਹੈ ਜੋ ਕਿ ਪੰਜਾਬ ਸਰਕਾਰ ਵੱਲੋਂ ਪਾਬੰਦੀ ਲਗਾਈ ਹੋਈ ਹੈਂ ਪਰ ਉਸ ਦੇ ਬਾਵਜੂਦ ਵੀ ਮੇਰੇ ਉਤੇ ਦਬਾ ਬਣਾਉਂਦੇ ਰਹੇ ਅਖ਼ੀਰ ਉਨ੍ਹਾਂ ਆਪਣੇ ਸਹੁਰੇ ਪਰਿਵਾਰ ਖ਼ਿਲਾਫ਼ ਬਣਦੀ ਕਾਰਵਾਈ ਦੀ ਮੰਗ ਕੀਤੀ।

# ਜਲੰਧਰ 'ਚ ਤੇਲ ਨਾਲ ਭਰੇ ਟੈਂਕਰ ਨੂੰ ਲੱਗੀ ਅੱਗ, ਪਿਆ ਭੜਥੂ

ਜਲੰਧਰ ਦੇ ਪਿੰਡ ਸੁੱਚੀ ਵਿਖੇ ਬੀਤੀ ਦੇਰ ਰਾਤ ਤੇਲ ਨਾਲ ਭਰੇ ਟੈਂਕਰ ਨੂੰ ਅੱਗ ਲੱਗ ਗਈ। ਉਥੇ ਹੀ ਭਿਆਨਕ ਅੱਗ ਉਤੇ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਵਲੋਂ ਕਾਫੀ ਮੁਸ਼ੱਕਤ ਤੋਂ ਬਾਅਦ ਕਾਬੂ ਪਾਇਆ। ਇਹ ਟੈਂਕਰ ਸੁੱਚੀਪਿੰਡ ਡਿਪੂ ਤੋਂ ਤੇਲ ਭਰਵਾ ਕੇ ਜਾ ਰਿਹਾ ਸੀ ਕਿ ਅਚਾਨਕ ਇਸ ਨੂੰ ਅੱਗ ਲੱਗ ਗਈ। ਇਸ ਤੋਂ ਬਾਅਦ ਟੈਂਕਰ ਡਰਾਈਵਰ ਨੇ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਅਤੇ ਉਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ।ਚਸ਼ਮਦੀਦਾਂ ਅਨੁਸਾਰ ਤੇਲ ਨਾਲ ਭਰੇ ਟੈਂਕਰ ਵਿੱਚ ਅੱਗ ਅਜਿਹੀ ਸੀ ਕਿ ਜੇਕਰ ਫਾਇਰ ਵਿਭਾਗ ਦੇ ਕਰਮਚਾਰੀ ਜਲਦੀ ਆ ਕੇ ਅੱਗ 'ਤੇ ਕਾਬੂ ਨਾ ਪਾਉਂਦੇ ਤਾਂ ਵੱਡਾ ਧਮਾਕਾ ਹੋ ਸਕਦਾ ਸੀ। ਪਰ ਫਾਇਰ ਬ੍ਰਿਗੇਡ ਦੇ ਮੁਲਾਜ਼ਮਾਂ ਨੇ ਤੁਰੰਤ ਆਪਣੀ ਗੱਡੀ ਨਾਲ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ।



# ਫਾਰਚੂਨਰ ਗੱਡੀ ਨਹਿਰ 'ਚ ਡਿੱਗੀ, 5 ਲੋਕਾਂ ਦੀ ਮੌਤ

ਡੇਹਲੋਂ ਰੋਡ 'ਤੇ ਪਿੰਡ ਭੰਮਟ ਦੇ ਕੋਲ ਦੇਰ ਰਾਤ ਇੱਕ ਫਾਰਚੂਨਰ ਗੱਡੀ ਦੇ ਨਹਿਰ 'ਚ ਡਿੱਗਣ ਕਾਰਨ 5 ਲੋਕਾਂ ਦੀ ਮੌਤ ਹੋ ਗਈ। ਜਦਕਿ 1 ਵਿਅਕਤੀ ਵਾਲ-ਵਾਲ ਬੱਚ ਗਿਆ। ਇਹ ਹਾਦਸਾ ਰਾਤ ਕਰੀਬ 12.00 ਵਜੇ ਵਾਪਰਿਆ। ਪਤਾ ਲੱਗਣ 'ਤੇ ਥਾਣਾ ਡੇਹਲੋਂ ਦੀ ਪੁਲੀਸ ਮੌਕੇ 'ਤੇ ਪੁੱਜ ਗਈ। ਪੁਲਿਸ ਨੇ ਮਰਨ ਵਾਲਿਆਂ ਦੀ ਪਹਿਚਾਣ ਜਤਿੰਦਰ ਸਿੰਘ ਉਮਰ 40 ਸਾਲ ਪੁੱਤਰ ਭਗਵੰਤ ਸਿੰਘ ਸਾਲ ਵਾਸੀ ਨੰਗਲਾ,ਜਗਤਾਰ ਸਿੰਘ ਪੁੱਤਰ ਬਾਵਾ ਸਿੰਘ ਉਮਰ 45 ਸਾਲ ਵਾਸੀ ਨੰਗਲਾਂ,ਜੱਗਾ ਸਿੰਘ ਪੁੱਤਰ ਭਜਨ ਸਿੰਘ ਉਮਰ 35 ਸਾਲ ਵਾਸੀ ਗੋਪਾਲਪੁਰ,ਕੁਲਦੀਪ ਸਿੰਘ ਪੁੱਤਰ ਕਰਨੈਲ ਸਿੰਘ ਉਮਰ 45 ਸਾਲ ਵਾਸੀ ਲੋਹਿਲ, ਜਗਦੀਪ ਸਿੰਘ ਪੁੱਤਰ ਗੁਰਮੀਤ ਸਿੰਘ ਉਮਰ 35/36 ਸਾਲ ਪਿੰਡ ਰੁੜਕਾ ਦੇ ਰੂਪ ਵਿੱਚ ਹੋਈ ਹੈ।



# ਅਦਾਲਤ ਵਲੋਂ ਸਾਬਕਾ ਰਾਸ਼ਟਰਪਤੀ ਟਰੰਪ ਨੂੰ ਰੋਜ਼ਾਨਾ 10000 ਡਾਲਰ ਜੁਰਮਾਨਾ ਭਰਨ ਦਾ ਹੁਕਮ

ਨਿਊਯਾਰਕ ਦੀ ਅਦਾਲਤ ਨੇ ਪਰਿਵਾਰਕ ਕਾਰੋਬਾਰ ਸੌਦੇ ਵਿਚ ਸਿਵਲ ਫਰਾਡ ਜਾਂਚ ਤਹਿਤ ਲੋੜੀਂਦੇ ਦਸਤਾਵੇਜ਼ ਦੇਣ 'ਚ ਅਸਫਲ ਰਹਿਣ ਕਾਰਨ ਅਦਾਲਤ ਦੀ ਮਾਣਹਾਨੀ ਲਈ ਸਾਬਕਾ ਰਾਸ਼ਟਰਪਤੀ ਡੋਨਲਡ ਟਰੰਪ ਨੂੰ ਦੋਸ਼ੀ ਕਰਾਰ ਦਿੱਤਾ ਹੈ। ਜੱਜ ਆਰਥਰ ਐਨਗੋਰਾਨ ਨੇ ਆਪਣੇ ਆਦੇਸ਼ ਵਿਚ ਸਾਬਕਾ ਰਾਸ਼ਟਰਪਤੀ ਨੂੰ ਉਲੰਘਣਾ ਕਰਨ ਵਾਲੇ ਸਮੇਂ ਲਈ ਪ੍ਰਤੀ ਦਿਨ 10000 ਡਾਲਰ ਜੁਰਮਾਨਾ ਭਰਨ ਲਈ ਕਿਹਾ ਹੈ।



# ਇੱਕ ਸਾਲ 'ਚ ਸੜਕ ਹਾਦਸਿਆਂ ਵਿੱਚ 3 ਹਜ਼ਾਰ ਲੋਕਾਂ ਦੀ ਮੌਤ, 15 ਹਜ਼ਾਰ ਕਰੋੜ ਦਾ ਨੁਕਸਾਨ



**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਵਿੱਚ 2020 ਵਿੱਚ ਸੜਕ ਹਾਦਸਿਆਂ ਕਾਰਨ 15,000 ਕਰੋੜ ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ ਹੈ। ਰਿਪੋਰਟ @ਪੰਜਾਬ ਰੋਡ ਐਕਸੀਡੈਂਟਸ ਐਂਡ ਟ੍ਰੈਫਿਕ, 2020@ ਵਿੱਚ ਸੜਕ ਹਾਦਸਿਆਂ ਦੇ ਸਮਾਜਿਕ-ਆਰਥਿਕ ਲਾਗਤ ਵਿਸ਼ਲੇਸ਼ਣ ਅਨੁਸਾਰ 2020 ਵਿੱਚ ਸੜਕ ਹਾਦਸਿਆਂ ਕਾਰਨ 15,176 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ।

ਦਿ ਟ੍ਰਿਬਿਊਨ ਵਿੱਚ ਪ੍ਰਕਾਸ਼ਿਤ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਹ ਰਕਮ ਰਾਜ ਦੇ ਕੁੱਲ ਘਰੇਲੂ ਉਤਪਾਦ (ਜੀਡੀਪੀ) ਦਾ 3 ਫੀਸਦੀ ਹੈ। 2020 ਵਿੱਚ, ਹਰ ਰੋਜ਼ ਔਸਤਨ 11 ਲੋਕ ਸੜਕ ਹਾਦਸਿਆਂ ਵਿੱਚ ਆਪਣੀ ਜਾਨ ਗੁਆਉਂਦੇ ਹਨ। ਸਾਲ ਦੌਰਾਨ 5,203 ਸੜਕ ਹਾਦਸੇ ਹੋਏ, ਜਿਨ੍ਹਾਂ ਵਿੱਚ 3,898 ਲੋਕ ਮਾਰੇ ਗਏ ਅਤੇ 1,737 ਗੰਭੀਰ ਜ਼ਖ਼ਮੀ ਹੋਏ। ਰਿਪੋਰਟ ਮੁਤਾਬਕ ਦੇਸ਼ ਦੀ 2.28 ਫੀਸਦੀ ਆਬਾਦੀ ਪੰਜਾਬ ਵਿੱਚ ਰਹਿੰਦੀ ਹੈ ਪਰ ਪਿਛਲੇ ਪੰਜ ਸਾਲਾਂ ਵਿੱਚ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ ਇਸ ਦਾ ਹਿੱਸਾ 3.3 ਤੋਂ 3.5 ਫੀਸਦੀ ਰਿਹਾ ਹੈ।

ਉਕਤ ਸਾਲ ਦੌਰਾਨ ਸੂਬੇ ਵਿੱਚ ਹਰ ਰੋਜ਼ ਔਸਤਨ 236 ਨਵੀਆਂ ਕਾਰਾਂ ਅਤੇ 1,046 ਦੋ ਪਹੀਆ ਵਾਹਨ ਰਜਿਸਟਰਡ ਹੋਏ। ਦਸੰਬਰ 2020 ਤੱਕ, ਰਾਜ ਵਿੱਚ ਰਜਿਸਟਰਡ ਵਾਹਨ 1.16 ਕਰੋੜ ਸਨ। ਕੁੱਲ ਸੜਕ ਹਾਦਸਿਆਂ ਵਿੱਚੋਂ ਲਗਭਗ 65% ਰਾਸ਼ਟਰੀ ਅਤੇ ਰਾਜ ਮਾਰਗਾਂ @ਤੇ ਵਾਪਰੇ, ਦੋਵੇਂ ਹੀ ਪੰਜਾਬ ਦੀਆਂ ਕੁੱਲ ਸੜਕਾਂ ਦੀ ਲੰਬਾਈ ਦਾ 5.64% ਹਨ। ਰਾਜ ਵਿੱਚ ਦੁਰਘਟਨਾ ਵਿੱਚ ਮੌਤ ਦਰ ਰਾਸ਼ਟਰੀ ਰਾਜਮਾਰਗਾਂ ਉੱਤੇ 0.44 ਪ੍ਰਤੀ ਕਿਲੋਮੀਟਰ ਪ੍ਰਤੀ ਸਾਲ ਅਤੇ ਰਾਜ ਮਾਰਗਾਂ ਉੱਤੇ 1.43 ਪ੍ਰਤੀ ਕਿਲੋਮੀਟਰ ਪ੍ਰਤੀ ਸਾਲ ਸੀ।

ਮੌਤ ਦਰ ਪ੍ਰਤੀ ਮਿਲੀਅਨ ਆਬਾਦੀ 124 ਸੀ। ਫਤਿਹਗੜ੍ਹ ਸਾਹਿਬ, ਐਸ.ਬੀ.ਐਸ.ਨਗਰ ਅਤੇ ਐਸ.ਏ.ਐਸ.ਨਗਰ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ @ਤੇ ਰਹੇ। ਪੰਜਾਬ ਸਰਕਾਰ ਦੇ ਟ੍ਰੈਫਿਕ ਸਲਾਹਕਾਰ ਨਵਦੀਪ ਅਸੀਜਾ ਨੇ ਕਿਹਾ ਕਿ ਮਾਰਚ, ਅਪ੍ਰੈਲ ਅਤੇ ਮਾਰਚ ਵਿੱਚ ਗਿਰਾਵਟ ਦਾ ਰੁਝਾਨ ਦੇਖਿਆ ਗਿਆ, ਜਦੋਂ ਕਿ ਅਕਤੂਬਰ ਅਤੇ ਨਵੰਬਰ ਵਿੱਚ 2019 ਦੇ ਅੰਕੜਿਆਂ ਦੇ ਮੁਕਾਬਲੇ ਅਜਿਹੀਆਂ ਮੌਤਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ। ਹਾਦਸਿਆਂ ਦੀ ਸਮਾਜਿਕ-ਆਰਥਿਕ ਲਾਗਤ ਵਾਹਨ ਦੇ ਨੁਕਸਾਨ, ਉਤਪਾਦਨ ਦੇ ਨੁਕਸਾਨ, ਇਲਾਜ ਦੀ ਲਾਗਤ, ਬੀਮਾ ਅਤੇ ਪੁਲਿਸ ਪ੍ਰਸ਼ਾਸਨਿਕ ਲਾਗਤ ਅਤੇ ਮਨੁੱਖੀ ਲਾਗਤ ਆਦਿ ਦੇ ਆਧਾਰ @ਤੇ ਗਣਨਾ ਕੀਤੀ ਜਾਂਦੀ ਹੈ। ਸੜਕ ਹਾਦਸਿਆਂ ਵਿੱਚ ਮੌਤ ਦਾ ਮੁੱਖ ਕਾਰਨ ਤੇਜ਼ ਰਫ਼ਤਾਰ ਅਤੇ ਗਲਤ ਦਿਸ਼ਾ ਵਿੱਚ ਗੱਡੀ ਚਲਾਉਣਾ ਹੈ। ਘਾਤਕ ਸੜਕ ਹਾਦਸਿਆਂ ਵਿੱਚ ਸ਼ਾਮਲ 72% 18-45 ਸਾਲ ਦੀ ਉਮਰ ਦੇ ਸਨ।

# ਗੜ੍ਹਸ਼ੰਕਰ ਪੁਲਿਸ ਵਲੋਂ ਰੇਤ ਨਾਲ ਭਰੀਆਂ 11 ਟਰਾਲੀਆਂ ਕਾਬੂ, ਮਾਈਨਿੰਗ ਐਕਟ ਤਹਿਤ ਮਾਮਲਾ ਦਰਜ

**ਗੜ੍ਹਸ਼ੰਕਰ/ਲੋਕ ਬਾਣੀ**

ਗੜ੍ਹਸ਼ੰਕਰ ਵਿਖੇ ਐੱਸ.ਐੱਚ.ਓ. ਇੰਸਪੈਕਟਰ ਸੋਢੀ ਸਿੰਘ ਵਲੋਂ ਨੰਗਲ ਸੜਕ ਤੋਂ ਰੇਤ ਨਾਲ ਭਰੀਆਂ 11 ਟਰਾਲੀਆਂ ਨੂੰ ਕਾਬੂ ਕੀਤਾ ਗਿਆ । ਇਸ ਮਾਮਲੇ @ਚ ਪੁਲਿਸ ਵਲੋਂ ਮਾਈਨਿੰਗ ਇੰਸਪੈਕਟਰ ਦੇ ਬਿਆਨਾਂ @ਤੇ ਮਾਈਨਿੰਗ ਐਕਟ ਤਹਿਤ ਮਾਮਲਾ ਦਰਜ ਕਰਦੇ ਹੋਏ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਧਰ ਟਰੈਕਟਰ ਮਾਲਕਾਂ ਤੇ ਚਾਲਕਾਂ ਨੇ ਪੁਲਿਸ @ਤੇ ਮਾਮੂਲੀ ਕਾਰੋਬਾਰ ਕਰ ਰਹੇ ਟਰੈਕਟਰਾਂ @ਤੇ ਇਕਪਾਸੜ ਕਾਰਵਾਈ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਪੁਲਿਸ ਪ੍ਰਸ਼ਾਸਨ ਅਤੇ ਮਾਈਨਿੰਗ ਵਿਭਾਗ ਦੀ ਮਿਲੀਭੁਗਤ ਨਾਲ ਇਲਾਕੇ ਵਿਚ ਓਵਰਲੋਡ ਟਿੱਪਰ ਸ਼ਰੇਆਮ ਚੱਲ ਰਹੇ ਹਨ ।

# ਪੰਜਾਬ ਰੋਡਵੇਜ਼, ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਨੇ ਗੇਟ ਰੈਲੀ ਕਰ ਕੇ ਕੀਤੀ ਨਾਅਰੇਬਾਜ਼ੀ



**ਪੰਜਾਬ ਰੋਡਵੇਜ਼**, ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਪੱਟੀ ਡਿਪੂ ਦੇ ਮੁਲਾਜ਼ਮਾਂ ਦੀਆਂ ਟਰਾਂਸਪੋਰਟ ਮੰਤਰੀ ਵੱਲੋਂ ਕੀਤੀਆਂ ਨਾਜਾਇਜ਼ ਤੌਰ 'ਤੇ ਦੂਰ-ਦੁਰਾਡੇ ਕੀਤੀਆਂ ਬਦਲੀਆਂ ਦੀ ਘੋਰ ਨਿੰਦਾ ਕੀਤੀ ਗਈ। ਇਸ ਮਸਲੇ 'ਤੇ ਬਲਜਿੰਦਰ ਸਿੰਘ ਬਰਾੜ ਨੇ ਮੋਗਾ ਡਿਪੂ ਦੇ ਗੇਟ 'ਤੇ ਬੋਲਦੇ ਹੋਏ ਦੱਸਿਆ ਕਿ ਲੋਕਤੰਤਰੀ ਦੇਸ਼ ਵਿਚ ਲੋਕਤੰਤਰ ਦੇ ਨਾਂ 'ਤੇ ਚੁਣੀਆਂ ਹੋਈਆਂ ਸਰਕਾਰਾਂ ਅੱਜ ਦੇ ਸਮੇਂ ਵੀ ਲੋਕਾਂ ਦੀ ਆਵਾਜ਼ ਨੂੰ ਜ਼ਬਰੀ ਤੌਰ 'ਤੇ ਦਬਾਉਣ ਤੋਂ ਕਿਸੇ ਗੱਲੋਂ ਵੀ ਪਿੱਛੇ ਨਹੀਂ ਹਨ। ਜਿਸਦਾ ਨਮੂਨਾ ਪੱਟੀ ਡਿਪੂ ਵਿਚ ਕਰਮਚਾਰੀਆਂ ਦੇ ਹੱਕਾਂ 'ਤੇ ਮੰਗਾਂ ਲਈ ਆਵਾਜ਼ ਉਠਾਉਣ ਵਾਲੇ ਜਥੇਬੰਦੀ ਦੇ ਆਗੂਆਂ ਦੀਆਂ ਬਦਲੀਆਂ ਮੈਨੇਜਮੈਂਟ ਦੇ ਕਹਿਣ 'ਤੇ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਕਰਮਚਾਰੀਆਂ ਦੇ ਘਰਾਂ ਤੋਂ 300 ਕਿਲੋਮੀਟਰ ਦੂਰ ਕਰਨ ਦੇ ਹੁਕਮ ਜਾਰੀ ਕਰ ਕੇ ਵਿਖਾ ਦਿੱਤਾ ਹੈ। ਇੱਥੇ ਗੌਰਤਲਬ ਹੈ ਕਿ ਪੰਜਾਬ ਰੋਡਵੇਜ਼, ਪਨਬੱਸ/ਪੀ.ਆਰ.ਟੀ.ਸੀ. ਜਥੇਬੰਦੀ ਸ਼ੁਰੂ ਤੋਂ ਹੀ ਕਰਮਚਾਰੀਆਂ ਦੀਆਂ ਮੰਗਾਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਰਿਪੋਰਟਾਂ ਵਾਲੇ ਮੁਲਾਜ਼ਮਾਂ ਨੂੰ ਬਹਾਲ ਕਰਨ ਦੇ ਨਾਲ-ਨਾਲ ਜਨਤਕ ਮੰਗਾਂ ਜਿਵੇਂ ਕਿ ਪੰਜਾਬ ਰੋਡਵੇਜ਼ ਅਤੇ ਪੀ.ਆਰ.ਟੀ.ਸੀ. ਵਿਚ ਨਵੀਆਂ 10 ਹਜ਼ਾਰ ਬੱਸਾਂ ਸ਼ਾਮਲ ਕਰਨਾ ਅਤੇ ਟਰਾਂਸਪੋਰਟ ਮਾਫੀਆ ਨੂੰ ਨਕੇਲ ਪਾਉਣ ਲਈ ਸਰਕਾਰ ਕੋਲ ਆਵਾਜ਼ ਚੁੱਕਦੀ ਰਹੀ ਹੈ। ਇਸ ਆਵਾਜ਼ ਚੁੱਕਣ ਦਾ ਖਮਿਆਜ਼ਾ ਜਥੇਬੰਦੀ ਦੇ ਆਗੂਆਂ ਨੂੰ ਆਪਣੇ ਘਰਾਂ ਤੋਂ ਦੂਰ ਬਦਲੀਆਂ ਦੇ ਰੂਪ 'ਚ ਚੁਕਾਉਣਾ ਪੈ ਰਿਹਾ ਹੈ। ਪ੍ਰਧਾਨ ਟਹਿਲ ਸਿੰਘ, ਸੈਕਟਰੀ ਮਨਜੀਤ ਸਿਘ ਸੰਧੂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਟਰਾਂਸਪੋਰਟ ਮੰਤਰੀ ਪੰਜਾਬ ਨੂੰ ਯੂਨੀਅਨ ਵੱਲੋਂ 2 ਵਾਰ ਮਿਲ ਕੇ ਆਪਣੀ ਅਤੇ ਮਹਿਕਮੇ ਦੀਆਂ ਮੰਗਾਂ ਬਾਰੇ ਜਾਣੂ ਕਰਵਾਇਆ ਗਿਆ ਹੈ। ਪੈਨਲ ਮੀਟਿੰਗ ਲਈ ਚਾਰ ਮੰਗ-ਪੱਤਰ ਭੇਜੇ ਗਏ ਹਨ, ਪ੍ਰੰਤੂ ਜਾਇਜ਼ ਮੰਗਾਂ ਦਾ ਹੱਲ ਕਰਨ ਜਾਂ ਮਹਿਕਮੇ ਨੂੰ ਮੁਨਾਫੇ ਵਾਲੇ ਪਾਸੇ ਲੈ ਕੇ ਜਾਣ ਦੀ ਥਾਂ 'ਤੇ ਨਵੇਂ ਟਰਾਂਸਪੋਰਟ ਮੰਤਰੀ ਵੱਲੋਂ ਯੂਨੀਅਨ ਨੂੰ ਧਰਨੇ, ਮੁਜ਼ਾਹਰੇ, ਹੜਤਾਲਾਂ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਜਾਇਜ਼ ਮੰਗਾਂ ਵਿਚ 10 ਹਜ਼ਾਰ ਸਰਕਾਰੀ ਬੱਸਾਂ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਰਿਪੋਰਟਾਂ ਵਾਲੇ ਮੁਲਾਜ਼ਮਾਂ ਨੂੰ ਬਹਾਲ ਕਰਨ, ਡਾਟਾ ਐਂਟਰੀ ਆਪ੍ਰੇਟਰ ਦੀ ਤਨਖਾਹ ਵਿਚ ਵਾਧਾ ਕਰਨ, ਟਿਕਟ ਦੀ ਜ਼ਿੰਮੇਵਾਰੀ ਸਵਾਰੀ ਦੀ ਕਰਨ ਆਦਿ ਮੰਗਾਂ ਦਾ ਹੱਲ ਜਲਦੀ ਕੱਢਿਆ ਜਾਵੇ। ਟਰਾਂਸਪੋਰਟ ਮੰਤਰੀ ਅਤੇ ਮੈਨੇਜਮੈਂਟ ਵੱਲੋਂ ਧੱਕੇਸ਼ਾਹੀ ਨਾਲ ਕੀਤੀਆਂ ਪੱਟੀ ਡਿਪੂ ਦੇ ਕਰਮਚਾਰੀਆਂ ਦੀਆਂ ਬਦਲੀਆਂ ਤੁਰੰਤ ਰੱਦ ਨਾ ਕੀਤੀਆਂ ਗਈਆਂ ਤਾਂ ਪੰਜਾਬ ਰੋਡਵੇਜ਼, ਪਨਬੱਸ ਅਤੇ ਪੀ.ਆਰ.ਟੀ.ਸੀ. ਦੀਆਂ ਬੱਸਾਂ ਦਾ ਮੁਕੰਮਲ ਚੱਕਾ ਜਾਮ ਸਮੂਹ ਪੰਜਾਬ ਦੇ ਬੱਸ ਸਟੈਂਡ 'ਤੇ ਡਿਪੂ ਬੰਦ ਕਰ ਕੇ ਕੀਤਾ ਜਾਵੇਗਾ।


# ਜਲੰਧਰ ਇੰਪਰੂਵਮੈਂਟ ਟਰੱਸਟ ਦੇ ਅਧਿਕਾਰੀ ਤੇ ਕਰਮਚਾਰੀਆਂ ਦੀਆਂ ਵਧੀਆਂ ਮੁਸ਼ਕਿਲਾਂ




**ਜਲੰਧਰ/ਵਰਿੰਦਰ ਮਹਿਰਾ**

ਜਲੰਧਰ ਇੰਪਰੂਵਮੈਂਟ ਟਰੱਸਟ ਦੇ ਅਧਿਕਾਰੀ ਤੇ ਕਰਮਚਾਰੀਆਂ ਦੀਆਂ ਮੁਸ਼ਕਿਲਾਂ ਵਧਦੀਆਂ ਨਜ਼ਰ ਆ ਰਹੀਆਂ ਹਨ। ਦਰਅਸਲ, ਇੰਪਰੂਵਮੈਂਟ ਟਰੱਸਟ ਜਲੰਧਰ ਤੋਂ ਗਾਇਬ ਹੋਈਆਂ ਤਕਰੀਬਨ 100 ਫਾਈਲਾਂ ਦੀ ਲਿਸਟ ਬਣੀ ਹੈ, ਜਿਸ ਨੂੰ ਲੈ ਕੇ ਅਧਿਕਾਰੀ ਤੇ ਕਰਮਚਾਰੀਆਂ 'ਤੇ ਮੁਅੱਤਲੀ ਦੀ ਤਲਵਾਰ ਲਟਕਦੀ ਹੋਈ ਨਜ਼ਰ ਆ ਰਹੀ ਹੈ। ਗ਼ਾਇਬ ਹੋਈਆਂ ਤਕਰੀਬਨ 100 ਫਾਈਲਾਂ ਦੀ ਲਿਸਟ ਟਰੱਸਟ ਦੇ ਚੇਅਰਮੈਨ ਅਤੇ ਡੀ. ਸੀ. ਘਨਸ਼ਾਮ ਥੋਰੀ, ਸੀ.ਵੀ.ਓ. ਅਤੇ ਲੋਕਲ ਬਾਡੀਜ਼ ਵਿਭਾਗ ਦੇ ਡਾਇਰੈਕਟਰ ਨੂੰ ਭੇਜੀ ਗਈ ਹੈ। ਡਾਇਰੈਕਟਰ ਦਾ ਕਹਿਣਾ ਹੈ ਕਿ ਗ਼ਾਇਬ ਹੋਏ ਦਸਤਾਵੇਜ਼ ਸਬੰਧੀ ਤੁਰੰਤ ਪੁਲਸ ਨੂੰ ਐੱਫ.ਆਈ.ਆਰ. ਦਰਜ ਕਰਵਾਈ ਜਾਵੇ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਚੀਫ ਵਿਜੀਲੈਂਸ ਅਫ਼ਸਰ (ਸੀ.ਵੀ.ਓ.) ਨੇ ਜਲੰਧਰ ਇੰਪਰੂਵਮੈਂਟ ਟਰੱਸਟ ਦੇ ਦਫ਼ਤਰ 'ਚ ਛਾਪਾ ਮਾਰਿਆ ਸੀ। ਉਸ ਦੌਰਾਨ ਈ.ਓ. ਪਰਮਿੰਦਰ ਸਿੰਘ ਗਿੱਲ ਨੇ ਕਈ ਕਈ ਫਾਈਲਾਂ ਗ਼ਾਇਬ ਹੋਣ ਦੀ ਗੱਲ ਕਹੀ ਸੀ। ਜਿਸ ਦੀ ਸ਼ਿਕਾਇਤ ਸੀ.ਵੀ.ਓ. ਨੇ ਡਾਇਰੈਕਟਰ ਨੂੰ ਵੀ ਕੀਤੀ। ਉਥੇ ਹੀ ਹੁਣ ਡਾਇਰੈਕਟਰ ਨੇ ਈ.ਓ. ਨੂੰ ਚਿੱਠੀ ਭੇਜ ਕੇ ਗ਼ਾਇਬ ਫਾਈਲਾਂ ਦੇ ਸੰਦਰਭ 'ਚ ਐੱਫ. ਆਈ. ਆਰ. ਦਰਜ ਕਰਵਾਉਣ ਦੇ ਹੁਕਮ ਦਿੱਤੇ ਹਨ।

# ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਸਦਮਾ, ਸੱਸ ਦਾ ਦੇਹਾਂਤ



**ਅਜਨਾਲਾ/ਰਾਜਾ ਕੋਟਲੀ**

ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਉਸ ਵਕਤ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਮਾਤਾ (ਸੱਸ) ਪਿਆਰ ਕੌਰ 90 ਸਾਲ ਪਤਨੀ ਗੁਰਮੇਜ ਸਿੰਘ ਬੀਤੀ ਰਾਤ 9.00 ਵਜੇ ਦੇ ਕਰੀਬ ਅਕਾਲ ਚਲਾਣਾ ਕਰ ਗਏ। ਮਾਤਾ ਪਿਆਰ ਕੌਰ ਜੀ ਦੇ ਦੇਹਾਂਤ ਹੋਣ ਕਾਰਨ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਆਪਣੇ ਚੰਡੀਗੜ੍ਹ ਦੇ ਸਾਰੇ ਰੁਝੇਵਿਆਂ ਨੂੰ ਮੁਲਤਵੀ ਕਰਦੇ ਹੋਏ ਸਸਕਾਰ 'ਤੇ ਪਹੁੰਚ ਰਹੇ ਹਨ। ਮਿਲੀ ਜਾਣਕਾਰੀ ਅਨੁਸਾਰ ਮਾਤਾ ਪਿਆਰ ਕੌਰ ਦਾ ਸਸਕਾਰ ਅੱਜ ਦੁਪਹਿਰ 12 ਵਜੇ ਪਿੰਡ ਲੱਖਣਕੇ ਪੱਡਾ, ਜ਼ਿਲ੍ਹਾ ਕਪੂਰਥਲਾ ਵਿਖੇ ਹੋਵੇਗਾ।

ਇਸ ਦੁੱਖ ਦੀ ਘੜੀ 'ਚ ਕੈਬਨਿਟ ਮੰਤਰੀ ਧਾਲੀਵਾਲ ਅਤੇ ਉਨ੍ਹਾਂ ਦੀ ਧਰਮ ਪਤਨੀ ਬੀਬੀ ਜਗਦੀਸ਼ ਕੌਰ ਨਾਲ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਤੋਂ ਇਲਾਵਾ ਸੂਬਾ ਜੁਆਇੰਟ ਸਕੱਤਰ ਤੇ ਸਪੋਕਸਪਰਸਨ ਬਲਜਿੰਦਰ ਸਿੰਘ ਢਿੱਲੋਂ, ਅਸ਼ੋਕ ਤਲਵਾਰ ਸੱਤਪਾਲ ਸਿੰਘ ਸੌਖੀ, ਸੁਖਜਿੰਦਰ ਸਿੰਘ ਪੰਨੂ, ਬੱਬਲੂ ਸਿੰਧੀ ਰਮਦਾਸ, ਐਡਵੋਕੇਟ ਰਜੀਵ ਮਦਾਨ ਰਾਜਾ, ਫੋਕਲੋਰ ਰਿਸਰਚ ਅਕੈਡਮੀ ਦੇ ਪ੍ਰਧਾਨ ਰਮੇਸ਼ ਯਾਦਵ, ਬਲਾਕ ਪ੍ਰਧਾਨ ਰਾਜਿੰਦਰ ਸਿੰਘ ਵਿਰਕ ਦਵਿੰਦਰ ਸਿੰਘ ਸੋਨੂੰ ਮੀਡੀਆ ਇੰਚਾਰਜ ਜਸਵਿੰਦਰ ਸਿੰਘ ਛੀਨਾ ਯੂਥ ਆਗੂ ਗਗਨਦੀਪ ਸਿੰਘ ਛੀਨਾ, ਗੁਰਸ਼ਰਨ ਸਿੰਘ ਮਾਨਾਂਵਾਲਾ, ਸ਼ਿਵ ਕੁਮਾਰ ਚੁਗਾਵਾਂ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਐੱਲ.ਐੱਚ ਵੀ ਮੈਂਡਮ ਪਰਮਜੀਤ ਕੌਰ ਹੋਏ ਸੇਵਾ ਮੁਕਤ



**ਗੁਰਦਾਸਪੁਰ/ਨਵਨੀਤ ਕੁਮਾਰ**

ਐੱਸ ਐੱਚ ਸੀ ਗਾਹਲੜੀ ਡਿਸਪੈਂਸਰੀ ਚ ਆਪਣੀਆਂ ਬੇਦਾਗ਼ ਸੇਵਾਵਾਂ ਨਿਭਾਉਂਣ ਤੋਂ ਬਾਅਦ ਸੇਵਾ ਮੁਕਤ ਹੋਣ ਤੇ ਐੱਲ ਐੱਚ ਵੀ ਮੈਂਡਮ ਪਰਮਜੀਤ ਕੌਰ ਅਤੇ ਐੱਲ ਐੱਚ ਵੀ ਪਰਮਜੀਤ ਕੌਰ ਓਗਰਾ ਨੂੰ ਸੇਵਾ ਮੁਕਤ ਹੋਣ ਤੇ ਵਿਦਾਇਗੀ ਪਾਰਟੀ ਦਿੱਤੀ ਗਈ । ਇਸ ਸਮੇਂ ਸਮੂਹ ਸਟਾਫ ਵੱਲੋਂ ਐੱਲ ਐੱਚ ਵੀ ਮੈਂਡਮ ਪਰਮਜੀਤ ਕੌਰ ,ਪਰਮਜੀਤ ਕੌਰ ਓਗਰਾ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ । ਇਸ ਸਮੇਂ ਫਾਰਮੇਸੀ ਅਫਸਰ ਹਰਵਿੰਦਰਪਾਲ ਸਿੰਘ,ਐੱਚ ਆਈ ਸੁਖਵਿੰਦਰ ਸਿੰਘ,ਏ ਐੱਨ ਐੱਮ ਜਸਬੀਰ ਕੌਰ,ਹੈਲਥ ਵਰਕਰ ਪ੍ਰਭਜੋਤ ਸਿੰਘ,ਹੈਲਥ ਵਰਕਰ ਰਾਕੇਸ਼ ਕੁਮਾਰ,ਹੈਲਥ ਵਰਕਰ ਦਲਜੀਤ ਸਿੰਘ,ਏ ਐੱਨ ਐੱਮ ਪਰਮਜੀਤ ਕੌਰ,ਸੀ ਐੱਚ ਓ ਦੀਪਕ ਕੁਮਾਰ,ਸੀ ਐੱਚ ਓ ਪਵਨਪ੍ਰੀਤ ਕੌਰ,ਸੀ ਐੱਚ ਓ ਮਿਲੀ ਆਦਿ ਵੱਲੋਂ ਕਿਹਾ ਕਿ ਮੈਂਡਮ ਪਰਮਜੀਤ ਕੌਰ ਵੱਲੋਂ ਆਪਣੀਆਂ ਸੇਵਾਵਾਂ ਬਹੁਤ ਹੀ ਇਮਾਨਦਾਰੀ ਨਾਲ ਬੇਦਾਗ਼ ਨਿਭਾਈਆਂ ਹਨ । ਇਸ ਸਮੇਂ ਉਹਨਾ ਕਿਹਾ ਕਿ ਇਹਨਾਂ ਮੁਲਾਜ਼ਮਾਂ ਦੇ ਸੇਵਾ ਮੁਕਤ ਹੋਣ ਨਾਲ ਸਿਹਤ ਵਿਭਾਗ ਨੂੰ ਬਹੁਤ ਕਮੀ ਮਹਿਸੂਸ ਹੁੰਦੀ ਰਹੇਗੀ ,ਪਰ ਬੇਦਾਗ ਸੇਵਾ ਮੁਕਤ ਹੋ ਕੇ ਘਰ ਜਾਣਾ ਇੱਕ ਖ਼ੁਸੀ ਵਾਲੀ ਗੱਲ ਵੀ ਹੈ । ਇਸ ਸਮੇਂ ਉਹਨਾ ਨਾਲ ਜੇ ਈ ਨਰਿੰਦਰ ਸਿੰਘ, ਵੈਟਨਰੀ ਫਾਰਮੇਸੀ ਅਫਸਰ ਹਰਦਿਆਲ ਸਿੰਘ , ਅਤੇ ਬੱਚਿਆਂ ਸਮੇਤ ਹੋਰ ਵੀ ਪਰਿਵਾਰਕ ਮੈਂਬਰ ਆਏ ਹੋਏ ਸਨ ।

# ਅੰਮ੍ਰਿਤਸਰ ਦੇ ਵਪਾਰੀ ਨੇ ਜਿਪਸਮ ਪਾਊਡਰ ਦੀ ਆੜ ’ਚ ਮੰਗਵਾਈ 205 ਕਿੱਲੋ ਹੈਰੋਇਨ, ਗ੍ਰਿਫ਼ਤਾਰ



**ਅੰਮ੍ਰਿਤਸਰ/ਰਾਜਾ ਕੋਟਲੀ**

ਆਈ. ਸੀ. ਪੀ. ਅਟਾਰੀ ਸਰਹੱਦ ’ਤੇ ਅਫਗਾਨਿਸਤਾਨ ਤੋਂ ਦਰਾਮਦ ਕੀਤੀ ਗਈ ਮੁਲੱਠੀ ’ਚ 102 ਕਿੱਲੋ ਹੈਰੋਇਨ ਫੜੇ ਜਾਣ ਦਾ ਮਾਮਲਾ ਅਜੇ ਸੁਲਝਿਆ ਵੀ ਨਹੀਂ ਸੀ ਕਿ ਡੀ. ਆਰ. ਆਈ. ਦੀ ਟੀਮ ਨੇ ਅੰਮ੍ਰਿਤਸਰ ਅਤੇ ਤਰਨਤਾਰਨ ’ਚ ਸਰਗਰਮ ਇਕ ਵਪਾਰੀ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਵਪਾਰੀ ਨੇ ਗੁਜਰਾਤ ਦੇ ਕਾਂਡਲਾ ਪੋਰਟ ’ਤੇ ਈਰਾਨ ਤੋਂ ਜਿਪਸਮ ਪਾਊਡਰ ਦੇ ਦਰਾਮਦ ਦੀ ਆੜ ਵਿਚ 205 ਕਿੱਲੋ ਹੈਰੋਇਨ ਮੰਗਵਾਈ ਸੀ। ਇਸ ਹੈਰੋਇਨ ਦੀ ਕੀਮਤ ਅੰਤਰਰਾਸ਼ਟਰੀ ਮਾਰਕੀਟ ਵਿਚ 1 ਹਜ਼ਾਰ 25 ਕਰੋੜ ਰੁਪਏ ਦੱਸੀ ਜਾ ਰਹੀ ਹੈ।

ਜਾਣਕਾਰੀ ਅਨੁਸਾਰ ਡੀ. ਆਰ. ਆਈ. ਨੇ 24 ਅਪ੍ਰੈਲ ਦੇ ਦਿਨ ਕਾਂਡਲਾ ਪੋਰਟ ’ਤੇ ਈਰਾਨ ਦੇ ਬੱਦਰ ਅੱਬਾਸ ਪੋਰਟ ਤੋਂ ਆਏ ਜਿਪਸਮ ਪਾਊਡਰ ਦੇ ਕੰਟੇਨਰ ਨੂੰ ਸੀਜ਼ ਕੀਤਾ, ਕਿਉਂਕਿ ਵਿਭਾਗ ਨੂੰ ਸੂਚਨਾ ਮਿਲੀ ਸੀ ਕਿ ਇਸ ਕੰਟੇਨਰ ਵਿਚ ਹੈਰੋਇਨ ਦੀ ਇਕ ਵੱਡੀ ਖੇਪ ਭੇਜੀ ਗਈ ਹੈ। ਕੰਟੇਨਰ ਵਿਚ 11 ਹਜ਼ਾਰ ਦੇ ਕਰੀਬ ਬੈਗ ਸਨ, ਜਿਸ ਵਿਚ 394 ਮੀਟ੍ਰਿਕ ਟਨ ਜਿਪਸਮ ਪਾਊਡਰ ਦਿਖਾਇਆ ਗਿਆ ਸੀ। ਇਸ ਨੂੰ ਦਰਾਮਦ ਕਰਨ ਵਾਲੇ ਵਿਅਕਤੀ ਨੇ ਆਪਣਾ ਪਤਾ ਉੱਤਰਾਖੰਡ ਦਾ ਦਿੱਤਾ ਹੋਇਆ ਸੀ। ਵਿਭਾਗ ਦੀ ਇਕ ਸਪੈਸ਼ਲ ਟੀਮ ਨੇ ਜਦੋਂ ਪਤੇ ’ਤੇ ਜਾ ਕੇ ਛਾਪੇਮਾਰੀ ਕੀਤੀ ਤਾਂ ਪਤਾ ਜਾਅਲੀ ਪਾਇਆ ਗਿਆ ਅਤੇ ਸਬੰਧਤ ਵਪਾਰੀ ਦੀ ਟਿਕਾਣਾ ਤਰਨਤਾਰਨ ਦੇ ਇਕ ਪਿੰਡ ’ਚ ਪਾਇਆ ਗਿਆ।

ਇਸ ਤੋਂ ਪਹਿਲਾਂ ਕਿ ਕਥਿਤ ਵਪਾਰੀ ਫਰਾਰ ਹੁੰਦਾ, ਡੀ. ਆਰ. ਆਈ. ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਫਿਲਹਾਲ ਡੀ. ਆਰ. ਆਈ. ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਅਤੇ ਹੈਰੋਇਨ ਸਮੱਗਲਿੰਗ ਕਰਨ ਵਾਲੇ ਕਿੰਗਪਿਨ ਦੀ ਤਲਾਸ਼ ਕਰ ਰਹੀ ਹੈ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਡੀ. ਆਰ. ਆਈ. ਦੀ ਟੀਮ ਨੇ 5 ਜੁਲਾਈ 2021 ਦੇ ਦਿਨ ਮੁੰਬਈ ਦੇ ਜੀ. ਐੱਨ. ਪੀ. ਟੀ. ਪੋਰਟ ’ਤੇ 300 ਕਿੱਲੋ ਹੈਰੋਇਨ ਜ਼ਬਤ ਕੀਤੀ ਸੀ ਅਤੇ ਤਰਨਤਾਰਨ ਦੇ ਕਸਬੇ ਚੋਹਲਾ ਸਾਹਿਬ ਦੇ ਰਹਿਣ ਵਾਲੇ ਪ੍ਰਭਜੀਤ ਸਿੰਘ ਨਾਮਕ ਕਥਿਤ ਵਪਾਰੀ ਨੂੰ ਗ੍ਰਿਫ਼ਤਾਰ ਕੀਤਾ ਸੀ।

# ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੈਡਮ ਨਵਦੀਪ ਕੌਰ ਗਿੱਲ ਵੱਲੋ ਚਿਲਡਰਨ ਹੋਮ ( ਲੜਕੇ ) ਗੁਰਦਾਸਪੁਰ ਦਾ ਦੌਰਾ



**ਗੁਰਦਾਸਪੁਰ-ਨਵਨੀਤ ਕੁਮਾਰ**

ਸ੍ਰੀਮਤੀ ਰਮੇਸ਼ ਕੁਮਾਰੀ ਜਿਲ੍ਹਾ ਅਤੇ ਸੈਸ਼ਨ ਜੱਜ -ਕਮ-ਜਿਲ੍ਹਾ ਸੈਸ਼ਨ ਜੱਜ-ਕਮ-ਚੇਅਰਪਰਸ਼ਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਡਮ ਨਵਦੀਪ ਕੌਰ ਗਿੱਲ , ਸਕੱਤਰ , ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵੱਲੋ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਸਟਾਫ ਨਾਲ ਚਿਲਰਡਨ ਹੋਮ, ਗੁਰਦਾਸਪੁਰ ਦਾ ਦੌਰਾ ਕੀਤਾ ਗਿਆ । ਉਹਨਾਂ ਵੱਲੋ ਚਿਲਡਰਨ ਹੋਮ ਗੁਰਦਾਸਪੁਰ ਦਾ ਨਿਰੀਖਣ ਕੀਤਾ ਗਿਆ ।
ਇਸ ਮੌਕੇ ਤੇ ਚਿਲਡਰਨ ਹੋਮ ਗੁਰਦਾਸਪੁਰ ਦੇ ਸੁਪਰੇਡੈਂਟ ਤੋ ਇਲਾਵਾ ਬਾਕੀ ਸਟਾਫ ਵੀ ਮੌਜੂਦ ਸੀ। ਚਿਲਡਰਨ ਹੋਮ ਵਿੱਚ 16 ਬੱਚੇ ਮੌਜੂਦ ਸਨ ।

ਇਸ ਮੌਕੇ ਤੇ ਬੱਚੇ ਚਿਲਰਡਨ ਹੋਮ ਵਿੱਚ ਖੇਡ ਰਹੇ ਸਨ । ਮੈਡਮ ਨਵਦੀਪ ਕੌਰ ਗਿੱਲ , ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਬੱਚਿਆਂ ਨੂੰ ਮਿਲੇ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ ਗਈ । ਇਸ ਮੌਕੇ ਤੇ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ ਅਤੇ ਬੱਚਿਆਂ ਨੂੰ ਆਪਸ ਵਿੱਚ ਮਿਲ ਜੁਲ ਕੇ ਰਹਿਣ ਲਈ ਅਤੇ ਵਧੀਆ ਪੜ੍ਹਾਈ ਕਰਨ ਲਈ ਕਿਹਾ ਗਿਆ ।

# ਨਗਰ ਸੁਧਾਰ ਟਰੱਸਟ ਦੇ ਦਫਤਰ ਵਿਰੁੱਧ ਪੀੜਤ ਕਿਸਾਨਾਂ ਦਾ ਧਰਨਾ ਹੋਇਆ 107 ਵੇ ਦਿਨ ਦਾਖਲ





**ਗੁਰਦਾਸਪੁਰ/ਨਵਨੀਤ ਕੁਮਾਰ**

ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀ ਸਕੀਮ ਨੰਬਰ ਸੱਤ ਦਿਉ ਕਿਸਾਨ ਜੋ ਪਿਛਲੇ ਬਾਰਾਂ ਸਾਲ ਤੋਂ ਆਪਣੀ ਜ਼ਮੀਨ ਦਾ ਮੁਆਵਜ਼ਾ ਉਡੀਕ ਰਹੇ ਹਨ ਉਨ੍ਹਾਂ ਵੱਲੋਂ ਜ਼ਮੀਨ ਦਾ ਮੁਆਵਜ਼ਾ ਲੈਣ ਲਈ ਚੱਲ ਰਹੇ ਧਰਨੇ ਦਾ ਅੱਜ ਇੱਕ ਸੌ ਸੱਤਵਾਂ ਦਿਨ ਸੀ ।ਇਹ ਧਰਨਾ ਪੀਡ?ਤ ਕਿਸਾਨਾਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਦਿੱਤਾ ਜਾ ਰਿਹਾ ਹੈ ।ਅਫ਼ਸੋਸ ਇਸ ਗੱਲ ਦਾ ਹੈ ਕਿ ਸਰਕਾਰ ਬਦਲ ਜਾਣ ਦੇ ਬਾਵਜੂਦ ਵੀ ਅਜੇ ਕਿਸਾਨਾਂ ਦੀ ਸੁਣਵਾਈ ਨਹੀਂ ਹੋ ਰਹੀ ।ਇਸ ਮੌਕੇ ਬੋਲਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਅਗਰ ਨਗਰ ਸੁਧਾਰ ਟਰੱਸਟ ਨੇ ਕਿਸਾਨਾਂ ਤੋਂ ਜੋ ਜ਼ਮੀਨ ਖ਼ਰੀਦੀ ਸੀ ਉਸ ਤੋਂ ਚਾਲੀ ਗੁਣਾ ਵੱਧ ਮਹਿੰਗੇ ਭਾਅ ਤੇ ਵੇਚੀ ਹੈ ।ਪ੍ਰੰਤੂ ਏਨਾ ਕੁਝ ਹੋਣ ਦੇ ਬਾਵਜੂਦ ਵੀ ਜ਼ਮੀਨ ਦਾ ਮੁਆਵਜ਼ਾ ਨਗਰ ਸੁਧਾਰ ਟਰੱਸਟ ਤੋਂ ਨਹੀਂ ਦਿੱਤਾ ਜਾ ਰਿਹਾ ਤਾਂ ਬਿਹਤਰ ਹੈ ਜੋ ਖਾਲੀ ਪਈ ਜ਼ਮੀਨ ਹੈ ਉਹੀ ਕਿਸਾਨਾਂ ਨੂੰ ਵਾਪਸ ਕਰ ਦਿੱਤੀ ਜਾਵੇ ।ਆਗੂਆਂ ਨੇ ਕਿਹਾ ਕਿ ਅਗਰ ਕਿਸਾਨਾਂ ਨੂੰ ਪੈਸੇ ਜਲਦ ਵਾਪਸ ਨਾ ਕੀਤੇ ਤਾਂ ਟਰੈਕਟਰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਖਾਲੀ ਪਈ ਗਰਾਊਂਡ ਵਾਹ ਕੇ ਉਸ ਵਿਚ ਤੇ ਬਿਜਾਈ ਕਰ ਦਿੱਤੀ ਜਾਵੇਗੀ ਅਤੇ ਜਿਸ ਕਿਸਾਨ ਦੀ ਜਿੰਨੀ ਜ਼ਮੀਨ ਹੈ ਉਸ ਨੂੰ ਵਾਪਸ ਮੋੜ ਦਿੱਤੀ ਜਾਵੇਗੀ ।ਆਗੂਆਂ ਨੇ ਇਸ ਵਕਤ ਦੇਸ਼ ਨਗਰ ਸੁਧਾਰ ਟਰੱਸਟ ਦੇ ਇੰਚਾਰਜ ਡਿਪਟੀ ਕਮਿਸ਼ਨਰ ਸਾਹਿਬ ਨੂੰ ਅਪੀਲ ਕੀਤੀ ਹੈ ਕਿ ਉਹ ਜਲਦੀ ਤੋਂ ਜਲਦੀ ਨਿਪਟਾਰਾ ਕਰਨ ਅਤੇ ਬੈਂਕਾਂ ਤੋਂ ਉਧਾਰ ਲੈ ਕੇ ਕਿਸਾਨਾਂ ਨੂੰ ਪੈਸੇ ਵਾਪਸ ਕਰਨ ਵਰਨਾ ਇਹ ਲੜਾਈ ਵੱਡੇ ਪੱਧਰ ਤੇ ਫੈਲੇਗੀ ਅਤੇ ਨਗਰ ਸੁਧਾਰ ਟਰੱਸਟ ਦੇ ਜ਼ਮੀਨ @ਤੇ ਫਿਰ ਤੋਂ ਵਾਪਸ ਕਬਜ਼ਾ ਕਰ ਲਿਆ ਜਾਵੇਗਾ ।ਆਗੂਆਂ ਸਪੱਸ਼ਟ ਕੀਤਾ ਕਿ ਜਿੰਨਾ ਚਿਰ ਤੱਕ ਇਹ ਸਾਰੇ ਦਾ ਸਾਰਾ ਮੁਆਵਜ਼ਾ ਕਿਸਾਨਾਂ ਨੂੰ ਮਿਲ ਨਹੀਂ ਜਾਂਦਾ ਇਹ ਸੰਘਰਸ਼ ਜਾਰੀ ਰਹੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵਿਆਪਕ ਰੂਪ ਧਾਰਨ ਕਰੇਗਾ ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੱਖਣ ਸਿੰਘ ਕੁਹਾੜ ਗੁਰਦੀਪ ਸਿੰਘ ਮੁਸਤਫ਼ਾਬਾਦ ਜੱਟਾਂ ,ਕਪੂਰ ਸਿੰਘ ਘੁੰਮਣ ,ਸਰਵਨ ਸਿੰਘ ਭੋਲਾ ,ਪ੍ਰੇਮ ਮਸੀਹ ਸੋਨਾ ,ਜਸਵੰਤ ਸਿੰਘ ਪਹਾੜ,ਪਲਵਿੰਦਰ ਸਿੰਘ ,ਧਰਮਬੀਰ ਆਲੇ ਚਕ,ਲਾਡੀ ਸਾਹ ਘੁਰਾਲਾ ,ਸੋਨਾ ਸਾਹ ਘੁਰਾਲਾ ,ਅਮਰਜੀਤ ਕੌਰ ,ਗੁਰਮੀਤ ਸਿੰਘ ,ਨਿਹੰਗ ਗੁਰਦੀਪ ਸਿੰਘ ਕਠਿਆਲੀ ,ਦੀਪਕ ,ਸੁਰਜੀਤ ਕੁਮਾਰ , ਸੰਦੀਪ ਸਿੰਘ ਉੱਚਾ ਧਕਾਲਾ,ਬਚਨ ਸਿੰਘ ਬੋਪਾਰਾਏ ,ਫੂਲ ਚੰਦ ,ਜਗੀਰ ਮਸੀਹ ,ਕਮਲਪਾਲਘੁਰਾਲਾ ,ਇਕਬਾਲ ਸਿੰਘ ਬਥਵਾਲਾ ,ਪ੍ਰਭਦੀਪ ਸਿੰਘ, ਮਨਜੀਤ ਸਿੰਘ ਬਥਵਾਲਾ ਆਦਿ ਵੀ ਹਾਜਰ ਸਨ।

# ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰਵੀਂ ਦੀ ਪ੍ਰੀਖਿਆ ਸ਼ੁਰੂ



**ਗੁਰਦਾਸਪੁਰ-ਨਵਨੀਤ ਕੁਮਾਰ**

ਅੱਜ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਬਾਰਵੀਂ ਕਲਾਸ ਦੀ ਪ੍ਰੀਖਿਆ ਸੁਰੂ ਕੀਤੀ ਗਈ ਜਿਸਦੇ ਤਹਿਤ ਗੁਰਦਾਸਪੁਰ ਦੇ ਸਰਕਾਰੀ ਸੀਨੀਅਰ ਸਕੈਡਰੀ ਸਕੂਲ (ਲੜਕੇ) ਵਿਖੇ ਬੱਚਿਆਂ ਵੱਲੋਂ ਆਪਣਾ ਪਹਿਲਾ ਪੇਪਰ ਦਿੱਤਾ ਜਿਸ ਦੇ ਤਹਿਤ ਸਿੱਖਿਆ ਵਿਭਾਗ ਵੱਲੋਂ ਪੇਪਰਾਂ ਲਈ ਬਣੇ ਸੈਟਰਾ ਅੰਦਰ ਪੁਖ਼ਤਾ ਪ੍ਰਬੰਧ ਕੀਤੇ ਗਏ। ਕੇਂਦਰ ਕੰਟ੍ਰੋਲਰ ਸ੍. ਚਰਨਬੀਰ ਸਿੰਘ ਨੇ ਦੱਸਿਆ ਕਿ ਸਕੂਲ ਅੰਦਰ ਅਧਿਆਪਕਾਂ ਵੱਲੋਂ ਪੇਪਰਾਂ ਨੂੰ ਨਕਲ ਰਹਿਤ ਕਰਵਾਉਣ ਲਈ ਪੂਰੀ ਤਨਦੇਹੀ ਨਾਲ ਡਿਊਟੀ ਕੀਤੀ ਜਾ ਰਹੀ ਹੈ ਉਨਾ ਨੇ ਬੱਚਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਕਰੋਨਾ ਦੇ ਮਦੇਨਜਰ ਮਾਸਕ ਜ਼ਰੂਰ ਪਾ ਕੇ ਆਉਣ ਤੇ ਸ਼ੋਸ਼ਲ ਡਿਸਟੈਸਿੰਗ ਬਣਾ ਕੇ ਰੱਖਣ । ਉਨਾ ਨੇ ਦੱਸਿਆ ਕਿ ਕਲਾਸ ਵਿੱਚ ਬੱਚਿਆਂ ਨੂੰ ਸੋਸਲ ਡਿਸਟੈਸਿੰਗ ਦੇ ਤਹਿਤ ਬਿਠਾਇਆ ਜਾ ਰਿਹਾ ਹੈ ।

# 0-5 ਸਾਲ ਦੇ ਬੱਚਿਆ ਦੀਆ ਹੋਣ ਵਾਲੀਆਂ ਮੌਤਾ ਦੀ ਦਰ ਨੂੰ ਘਟ ਕਰਨ ਲਈ ਸਮੇ-ਸਮੇ ਸਿਰ ਸਿਹਤ ਸੰਸਥਾਵਾ ਵਿੱਚ ਚੈਕ ਐਪ ਕਰਵਾਇਆ ਜਾਵੇ




**ਗੁਰਦਾਸਪੁਰ-ਨਵਨੀਤ ਕੁਮਾਰ**

ਸਿਵਲ ਸਰਜਨ ਡਾ ਵਿਜੈ ਕੁਮਾਰ ਦੀ ਅਗਵਾਈ ਹੇਠ ਮੀਟਿੰਗ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਕੀਤੀ ਗਈ।

ਜਿਲ੍ਹਾ ਟੀਕਾਕਰਣ ਅਫਸਰ ਡਾ ਅਰਵਿੰਦ ਕੁਮਾਰ ਨੇ ਕਿਹਾ ਕਿ 0-5 ਸਾਲ ਦੇ ਬੱਚਿਆ ਦੀਆ ਹੋਣ ਵਾਲੀਆਂ ਮੌਤਾ ਦੀ ਦਰ ਨੂੰ ਘਟ ਕਰਨ ਲਈ ਸਮੇ ਸਮੇ ਸਿਰ ਸਿਹਤ ਸੰਸਥਾਵਾ ਵਿੱਚ ਚੈਕ ਐਪ ਕਰਵਾਇਆ ਜਾਵੇ ਅਤੇ ਕੋਈ ਵੀ ਡਲੀਵਰੀ ਘਰ ਵਿੱਚ ਨਾ ਕੀਤੀ ਜਾਵੇ ਅਤੇ ਸਰਕਾਰੀ ਸਿਹਤ ਸੰਸਥਾਵਾ ਤੇ ਹੀ ਕਰਵਾਈਆ ਜਾਵੇ ਅਤੇ ਨਵਜੰਮੇ ਬੱਚੇ ਨੂੰ ਮਾਂ ਦਾ ਦੁੱਧ ਹੀ ਪਲਾਇਆ ਜਾਵੇ।

ਬੱਚਿਆ ਦੇ ਮਾਹਰ ਡਾਕਟਰ ਡਾ ਵਿਸ਼ਾਲ ਜਗੀ ਨੇ ਦਸਿਆ ਕਿ ਗਰਭਵਤੀ ਔਰਤਾ ਨੂੰ ਸੰਤੁਲਿਤ ਖੁਰਾਕ ਖਾਣੀ ਚਾਹੀਦੀ ਹੈ ਤਾਂ ਜੋ ਬੱਚਾ ਅਤੇ ਮਾਂ ਸਿਹਤਮੰਦ ਰਹਿਣ।

ਇਸ ਮੌਕੇ ਮੈਡੀਕਲ ਅਫਸਰ ਡਾ ਨੇਚਰਪ੍ਰੀਤ ਅਤੇ ਪੂਰਨਮਾ ਅਤੇ ਅਤੇ ਬਲਾਕ ਐਲ।ਐਚ।ਵੀ ਅਤੇ ਏ।ਐਨ।ਐਮ ਅਤੇ ਮਾਸ ਮੀਡੀਆ ਅਫਸਰ ਗੁਰਿੰਦਰ ਕੌਰ ਹਾਜਰ ਸਨ।

# ਡਾ. ਸੀਮਾ ਤਰਨ ਤਾਰਨ ਦੇ ਨਵੇਂ ਸਿਵਲ ਸਰਜਨ ਨਿਯੁਕਤ



**ਤਰਨ ਤਾਰਨ, ਅਮਰਕੋਟ/ਹਰਜੀਤ ਸਿੰਘ ਵਲਟੋਹਾ**

ਪੰਜਬ ਦੇ ਸਿਹਤ ਮੰਤਰੀ ਡਾ. ਵਿਜੈ ਸਿੰਗਲਾ ਵੱਲੋ ਡਾ. ਸੀਮਾ ਨੂੰ ਤਰਨ ਤਾਰਨ ਦਾ ਨਵਾਂ ਸਿਵਲ ਸਰਜਨ ਨਿਯੁਕਤ ਕੀਤਾ ਗਿਆ ਹੈ। ਪਹਿਲੇ ਸਿਵਲ ਸਰਜਨ ਡਾ. ਰੋਹਿਤ ਮਹਿਤਾ ਦੇ ਸੇਵਾਮੁਕਤ ਹੋਣ ਤੋਂ ਬਾਅਦ ਇਹ ਅਹੁੱਦਾ ਖਾਲੀ ਹੋ ਗਿਆ ਸੀ ਅਤੇ ਸਹਾਇਕ ਸਿਵਲ ਸਰਜਨ ਡਾ. ਰੇਨੂ ਭਾਟੀਆ ਕਾਰਜਕਾਰੀ ਸਿਵਲ ਸਰਜਨ ਵਜੋਂ ਸੇਵਾਵਾਂ ਨਿਭਾ ਰਹੇ ਸਨ।

ਸਿਵਲ ਸਰਜਨ ਤਰਨ ਤਾਰਨ ਡਾ. ਸੀਮਾ ਵੱਲੋਂ ਜਾਣਕਾਰੀ ਦਿੰਦੇ ਕਿਹਾ ਗਿਆ ਕਿ 1991 ਵਿੱਚ ਉਹਨਾ ਨੇ ਪੀ. ਸੀ. ਐੱਮ. ਐੱਸ. ਬਤੌਰ ਮੈਡੀਕਲ ਅਫਸਰ ਕਪੂਰਥਲੇ ਜੁਆਇੰਨ ਕੀਤਾ ਸੀ।ਉਸ ਤੋਂ ਬਾਅਦ 2015 ਵਿੱਚ ਉਹਨਾਂ ਨੇ ਬਤੌਰ ਸੀਨੀਅਰ ਮੈਡੀਕਲ ਅਫਸਰ ਦਾ ਪਦ ਜਿਲ੍ਹਾ ਕਪੂਰਥਲੇ ਸੰਭਾਲਿਆਂ ਅਤੇ ਇਸ ਦੇ ਨਾਲ ਹੀ ਉਹ ਟੀਕਾਕਰਨ ਅਫਸਰ ਜਲੰਧਰ ਵੀ ਰਹੇ। 2021 ਵਿੱਚ ਸਰਕਾਰ ਵੱਲੋ ਉਹਨਾ ਨੂੰ ਸਿਵਲ ਸਰਜਨ ਪ੍ਰਮੋਟ ਕੀਤਾ ਗਿਆ। 2021 ਵਿੱਚ ਸਿਵਲ ਸਰਜਨ ਕਪੂਰਥਲਾ ਰਹੇ ਅਤੇ ਇਸ ਦੇ ਨਾਲ ਹੀ ਲੁਧਿਆਣੇ ਵਿਖੇ ਮੈਡੀਕਲ ਸੁਪਰਡੈਂਟ ਦਾ ਕਾਰਜਕਾਰ ਸੰਭਾਲਿਆਂ। ਉਹਨਾ ਨੇ ਕਿਹਾ ਕਿ ਉਹ ਸਰਹੱਦੀ ਜ਼ਿਲ੍ਹਾ ਤਰਨ ਤਾਰਨ ਵਿੱਚ ਸਿਹਤ ਸੇਵਾਵਾਂ ਵਿੱਚ ਸਿਹਤ ਸੁਧਾਰ ਕਰਨਗੇ।

# ਪਟਿਆਲਾ ਦਿਹਾਤੀ ਦੇ ਐਮ ਐਲ ਏ ਡਾ. ਬਲਵੀਰ ਨੇ ਪਿੰਡ ਹਿਆਣਾ ਕਲਾਂ ਦਾ ਕੀਤਾ ਦੌਰਾ, ਟੂਰਿਜ਼ਮਾ ਨੂੰ ਬੜਾਵਾ ਦੇਣ ਵਾਸਤੇ ਪਿੰਡ ਦੇ ਸੈਰ ਸਪਾਟੇ ਦੇ ਤੌਰ ਤੇ ਕੀਤਾ ਜਾਵੇਗਾ ਵਿਕਸਿਤ

**ਪਟਿਆਲਾ/ਇਕਬਾਲ ਸਿੰਘ:** ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦੇ ਹੋਏ ਡਾਕਟਰ ਬਲਬੀਰ ਸਿੰਘ ਨੂੰ ਦੱਸਿਆ ਕਿ ਪਿੰਡ ਹਿਆਣਾ ਪੰਚਾਇਤ ਦੇ ਕੋਲ ਇਕ ਚੰਗੀ ਖਾਸੀ ਜ਼ਮੀਨ ਹੈ ਜਿਸ ਉੱਤੇ ਜਿਸ ਝੀਲ ਬਣਾ ਕੇ ਮੀਂਹ ਦੇ ਪਾਣੀ ਨੂੰ ਸਟੋਰ ਕੀਤਾ ਜਾ ਸਕਦਾ ਹੈ ਡਾ. ਬਲਵੀਰ ਨੇ ਕਿਹਾ ਹੈ ਕਿ ਸੈਰ-ਸਪਾਟਾ ਹੱਬ ਬਣਾਉਣ ਦੇ ਲਈ ਇਸਦੇ ਆਸ ਪਾਸ ਬਾਗ ਵੀ ਬਣਾਇਆ ਜਾਏਗਾ ਅਤੇ ਲੋਕਾਂ ਦੇ ਰਹਿਣ ਵਾਸਤੇ ਹੱਟ ਵੀ ਬਣਾਏ ਜਾਣਗੇ। ਇਹਦੇ ਨਾਲ ਇਕ ਤਾਂ ਟੂਰਿਜ਼ਮ ਨੂੰ ਵਧਾਵਾ ਮਿਲੇਗਾ ਦੂਸਰਾ ਪਿੰਡ ਦੇ ਲੋਕਾਂ ਨੂੰ ਰੁਜ਼ਗਾਰ ਦੇ ਸਾਧਨ ਮੁਹੱਯਾ ਹੋਣਗੇ। ਪਿੰਡ ਵਿੱਚ ਖਾਣੇ ਪੀਣੇ ਦੀ ਚੰਗੀ ਸਹੂਲਤਾਂ ਲਾਗੂ ਕਰਦੇ ਹੋਏ ਦੁਕਾਨਦਾਰੀ ਵੀ ਬਣਾਈ ਜਾਵੇਗੀ। ਡਾਕਟਰ ਬਲਵੀਰ ਨੇ ਕਿਹਾ ਹੈ ਕਿ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਖੇਡਾ ਦੇ ਮੈਦਾਨ ਵੀ ਬਣਾਏ ਜਾਣਗੇ। ਡਾਕਟਰ ਬਲਬੀਰ ਨੇ ਕਿਹਾ ਹੈ ਕਿ ਪਿੰਡ ਦੇ ਲੋਕਾਂ ਨੂੰ ਔਰਗੈਨਿਕ ਖੇਤੀ ਦੇ ਵਾਸਤੇ ਵੀ ਉਤਸ਼ਾਹਿਤ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸਾਡਾ ਮਕਸਦ ਹੈ ਕਿ ਪਿੰਡ ਨੂੰ ਇਕ-ਇਕ ਆਤਮ-ਨਿਰਭਰ ਪਿੰਡ ਬਣਾ ਕੇ ਮਿਸਾਲ ਪੇਸ਼ ਕੀਤੀ ਜਾਵੇਗੀ।

# ਪਟਿਆਲਾ ਅਬਲੋਵਾਲ ਵਿੱਚ ਡਿਪਟੀ ਕਮਿਸ਼ਨਰ ਦੇ ਵੱਲੋਂ ਜਲ ਯੋਜਨਾ ਦੇ ਵਾਸਤੇ ਜਲ ਸੋਧਕ ਪਲਾਂਟ ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਪਟਿਆਲਾ/ਇਕਬਾਲ ਸਿੰਘ:** ਡਿਪਟੀ ਕਮਿਸ਼ਨਰ ਵੱਲੋਂ ਨਹਿਰੀ ਜਲ ਯੋਜਨਾ ਲਈ ਜਲ ਸੋਧਕ ਪਲਾਂਟ ਅਬਲੋਵਾਲ ਦੀ ਪ੍ਰਗਤੀ ਦਾ ਲਿਆ ਜਾਇਜ਼ਾ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਬੀਤੇ ਦਿਨ ਅਬਲੋਵਾਲ ਵਿਖੇ ਪਾਣੀ ਦੇ ਆਧਾਰ ਤੇ 503 ਕਰੋੜ ਰੁਪਏ ਦੇ ਪ੍ਰਾਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਇਸ ਕੰਮ ਵਿੱਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਅਬਲੋਵਾਲ ਵਿਖੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਮੌਕੇ ਸਾਕਸ਼ੀ ਸਾਹਨੀ ਜਲ ਸਪਲਾਈ ਅਤੇ ਸੀਵਰੇਜ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਅਚੇਤ ਕੁਮਾਰ ਅਤੇ ਲਾਡਸਾ ਤੇ ਟੂਬਰੋ ਕੰਪਨੀ ਸਾਡੇ ਪ੍ਰਾਜੈਕਟ ਮੈਂ ਮਹਿਜ਼ ਸੁਖਦੇਵ ਸ਼ਾਹ ਉਹਨੇ ਪ੍ਰੋਜੈਕਟ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ ਉਹਨਾਂ ਦੇ ਨਾਲ ਨਗਰ ਨਿਗਮ ਸੰਯੁਕਤ ਕਮਿਸ਼ਨਰ ਜਸਲੀਨ ਕੌਰ ਭੁੱਲਰ ਵੀ ਮੌਜੂਦ ਸਨ।

# ਪਟਿਆਲਾ ਪੁਲਿਸ ਨੂੰ 5 ਪਿਸਤੌਲਾਂ ਸਮੇਤ ਇੱਕ ਹੋਰ ਵੱਡੀ ਕਾਮਯਾਬੀ ਮਿਲੀ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ।

**ਪਟਿਆਲਾ/ਇਕਬਾਲ ਸਿੰਘ:** ਪੂਰੇ ਮਾਮਲੇ ਸਬੰਧੀ ਪ੍ਰੈਸ ਕਾਨਫਰੰਸ ਕਰਦੇ ਹੋਏ ਐਸ ਪੀ ਡੀ ਮਹਿਤਾਬ ਸਿੰਘ ਨੇ ਦੱਸਿਆ ਕਿ ਸੀ ਆਈ ਏ ਪਟਿਆਲਾ ਵੱਲੋਂ ਕੁਝ ਦਿਨ ਪਹਿਲਾਂ ਜਿਨ੍ਹਾਂ ਵਿਅਕਤੀਆਂ ਨੂੰ ਹਥਿਆਰਾਂ ਸਮੇਤ ਫੜਿਆ ਗਿਆ ਸੀ। ਉਨ੍ਹਾਂ ਵਿੱਚੋਂ ਇੱਕ ਰਾਜੀਵ ਰਾਜਾ ਜੋ ਕਿ ਨਾਭਾ ਜੇਲ੍ਹ ਵਿੱਚ ਕੈਦ ਹੈ।ਇਸੇ ਕੜੀ ਨੂੰ ਅੱਗੇ ਤੋਰਦਿਆਂ ਪੁਲਿਸ ਨੇ ਆਪਣੀ ਤਫ਼ਤੀਸ਼ ਨੂੰ ਅੱਗੇ ਤੋਰਦਿਆਂ ਦੋ ਵਿਅਕਤੀਆਂ ਜਿਨ੍ਹਾਂ ਦੇ ਨਾਮ ਇੰਦਰਜੀਤ ਸਿੰਘ ਸਾਬੀ ਅਤੇ ਦਿਲਬਾਗ ਸਿੰਘ ਬਾਜ਼ ਵਾਸੀ ਹੁਸ਼ਿਆਰਪੁਰ ਹਨ, ਨੂੰ ਕਾਬੂ ਕੀਤਾ। ਜਿਨ੍ਹਾਂ ਪਾਸੋਂ ਚਾਰ ਪਿਸਤੌਲ ਬਰਾਮਦ ਕੀਤੇ ਗਏ ਹਨ। ਇਸ ਤੋਂ ਇਲਾਵਾ ਇਸ ਕੜੀ @ਚ ਪਟਿਆਲਾ ਦੇ ਰਹਿਣ ਵਾਲੇ ਗੁਰਦੀਪ ਸਿੰਘ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।ਉਸ ਕੋਲੋਂ ਇੱਕ ਪਿਸਤੌਲ ਵੀ ਬਰਾਮਦ ਹੋਇਆ ਹੈ। ਐਸ ਪੀ ਡੀ ਮਹਿਤਾਬ ਸਿੰਘ ਨੇ ਦੱਸਿਆ ਕਿ ਜਾਂਚ ਦਾ ਵਿਸ਼ਾ ਹੈ ਕਿ ਇਹ ਅਸਲਾ ਕਿੱਥੇ ਵਰਤਿਆ ਗਿਆ ਸੀ, ਫਿਲਹਾਲ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਇਹ ਅਸਲਾ ਮੱਧ ਪ੍ਰਦੇਸ਼ ਤੋਂ ਪੰਜਾਬ ਲਿਆਂਦਾ ਗਿਆ ਹੈ। ਐਸਪੀਡੀ ਨੇ ਕਿਹਾ ਕਿ ਇਨ੍ਹਾਂ ਦੇ ਰਿਮਾਂਡ ਦੀ ਮਿਆਦ ਵਧਾਈ ਜਾਵੇਗੀ ਕਿਉਂਕਿ ਇਨ੍ਹਾਂ ਕੋਲੋਂ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਉਮੀਦ ਹੈ।

# ਪਬਲਿਕ ਸਥਾਨਾਂ ਤੇ ਸਿਗਰਟਨੋਸ਼ੀ ਕਰਨਾਂ ਅਤੇ ਖੁਲੀ ਸਿਗਰਟ ਵੇਚਣਾਂ ਦੀ ਸਜਾ/ਜੁਰਮਾਨੇ ਯੋਗ ਅਪਰਾਧ - ਸਿਵਲ ਸਰਜਨ



**ਅੰਮ੍ਰਿਤਸਰ/ਰਾਜਾ ਕੋਟਲੀ**

ਸਿਵਲ ਸਰਜਨ ਅੰਮ੍ਰਿਤਸਰ ਡਾ ਚਰਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵਲੋਂ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਅੱਜ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਤੋਂ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਡਾ ਕਰਨ ਮਹਿਰਾ, ਵਲੋਂ ਇਕ ਸਪੈਸ਼ਲ ਟੀਮ ਦਾ ਗਠਣ ਕੀਤਾ ਗਿਆ। ਜਿਸ ਵਿਚ ਡਿਪਟੀ ਐਮ.ਈ.ਆਈ.ਉ. ਅਮਰਦੀਪ ਸਿੰਘ, ਏ.ਐਮ.ਉ. ਰਾਮ ਮਹਿਤਾ,ਐਸ.ਆਈ. ਬਲਵਿੰਦਰ ਸਿੰਘ,ਦੀਪਕ ਕੁਮਾਰ,ਰਜੇਸ਼ ਕੁਮਾਰ ਅਤੇ ਮੇਜਰ ਸਿੰਘ ਸ਼ਾਮਿਲ ਸਨ।ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਲਗਭਗ 18 ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਦੌਰਾਣ ਨਵਾਂ ਕੋਟ, ਹਰੀਪੁਰਾ, ਇਸਲਾਮਾਂਬਾਦ, ਪੁਤਲੀਘਰ, ਮਾਡਲ ਟਾਊਨ ਅਤੇ ਕੋਰਟ ਰੋਡ ਦੇ ਇਲਾਕਿਆਂ ਵਿਚ 9 ਦੁਕਾਨਦਾਰਾਂ ਅਤੇ 4 ਜਨਤਕ ਥਾਵਾਂ ਤੇ ਸਿਗਰਟ ਨੋਸ਼ੀ ਕਰਨ ਵਾਲੇ ਲੋਕਾਂ ਦੇ ਕੁੱਲ 13 ਮੌਕੇ ਦੇ ਜੁਰਮਾਨਾਂ ਚਲਾਣ ਕੀਤੇ ਅਤੇ ਤਾੜਨਾਂ ਕੀਤੀ ਗਈ।ਪੰਜਾਬ ਸਰਕਾਰ ਵਲੋਂ ਐਨ.ਟੀ.ਸੀ.ਪੀ. ਤਹਿਤ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀਂ ਦਿੰਦਿਆ ਹਦਾਇਤਾਂ ਜਾਰੀ ਕੀਤੀਆਂ।ਸਿਵਲ ਸਰਜਨ ਅੰਮ੍ਰਿਤਸਰ ਡਾ ਚਰਨਜੀਤ ਸਿੰਘ ਵਲੋ ਇਸ ਮੌਕੇ ਤੇ ਜਾਣਕਾਰੀ ਦਿੱਤੀ ਕਿ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ( ਇਮਪੋਰਟਿਡ ਸਿਗਰਟ) ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾਂ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਇਸ ਤੋਂ ਇਲਾਵਾ ਪਬਲਿਕ ਸਥਾਨਾਂ ਤੇ ਸਿਗਰਟਨੋਸ਼ੀ ਕਰਨਾਂ ਅਤੇ ਖੁਲੀ ਸਿਗਰਟ ਵੇਚਣਾਂ ਵੀ ਸਜਾ/ਜੁਰਮਾਨੇ ਯੋਗ ਅਪਰਾਧ ਹੈ।

# ਹੈਲਥ ਐਂਡ ਵੈੱਲਨੈਸ ਅਤੇ ਹੀਟ ਵੇਵ ਤੋਂ ਬੱਚਣ ਸਬੰਧੀ ਸੈਮੀਨਾਰ ਦਾ ਆਯੋਜਨ



**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਐਸ ਐਸ ਪੀ ਡਾ. ਸੰਦੀਪ ਕੁਮਾਰ ਸ਼ਰਮਾ ਦਿੱਤੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਜੰਗ ਬਹਾਦਰ ਸ਼ਰਮਾ, ਪੀ.ਪੀ.ਐਸ ਜ਼ਿਲ੍ਹਾ ਕਮਿਊਨਿਟੀ ਪੁਲਿਸ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਕਰਮਚਾਰੀਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਅੱਜ ਕਾਨਫਰੰਸ ਹਾਲ, ਨਿਊ ਡੀ.ਪੀ.ਓ, ਸ਼ਹੀਦ ਭਗਤ ਸਿੰਘ ਨਗਰ ਵਿਖੇ ਹੈਲਥ ਐਂਡ ਵੈੱਲਨੈਸ ਅਤੇ ਹੀਟ ਵੇਵ ਤੋਂ ਬੱਚਣ ਸਬੰਧੀ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਸੈਮੀਨਾਰ ਵਿੱਚ ਡਾਕਟਰ ਰਣਜੀਤ ਸਿੰਘ, ਡਾਕਟਰ ਗਗਨਦੀਪ ਕੁਮਾਰ ਅਤੇ ਸ਼੍ਰੀ ਗੁਰਪ੍ਰਸ਼ਾਦ ਸਿੰਘ, ਜਿਲ੍ਹਾ ਕੋਆਰਡੀਨੇਟਰ ਅਤੇ ਵਿਵਹਾਰ ਪਰਿਵਰਤਨ, ਸ਼ਹੀਦ ਭਗਤ ਸਿੰਘ ਨਗਰ ਵਲੋਂ ਕਰਮਚਾਰੀਆਂ ਨੂੰ ਸਿਹਤ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ, ਜਿਸ ਨਾਲ ਕਰਮਚਾਰੀ ਡਿਊਟੀ ਦੇ ਨਾਲ-ਨਾਲ ਜਿੱਥੇ ਆਪਣੇ ਆਪ ਨੂੰ ਤੰਦਰੁਸਤ ਰੱਖ ਸਕਣਗੇ, ਉਥੇ ਹੀ ਡਿਊਟੀ ਦੋਰਾਨ ਲੋਕਾਂ ਨੂੰ ਸਮੇਂ ਸਿਰ ਲੋੜ ਪੈਣ 'ਤੇ ਮੁੱਢਲੀ ਮੈਡੀਕਲ ਸਹਾਇਤਾ ਦੇਕੇ ਉਹਨਾਂ ਦੀ ਜਾਨ ਵੀ ਬਚਾ ਸਕਣਗੇ।

# ਕਪੂਰਥਲਾ ਤੋਂ ਚੋਰੀ ਹੋਈ ਕਾਰ ਨਾਕੇਬੰਦੀ ਕਰ ਬਿਆਸ ਪੁਲਸ ਨੇ ਚੋਰ ਸਣੇ ਕੀਤੀ ਬਰਾਮਦ



**ਅੰਮ੍ਰਿਤਸਰ/ਰਾਜਾ ਕੋਟਲੀ**

ਆਏ ਦਿਨ ਵੱਧ ਰਹੀਆਂ ਚੋਰੀ ਤੇ ਲੁੱਟ ਖੋਹ ਦੀਆਂ ਵਾਰਦਾਤਾਂ ਨੂੰ ਠੱਲਣ ਲਈ ਪੁਲਸ ਵਲੋਂ ਦਿਨ-ਰਾਤ ਨਾਕੇਬੰਦੀ ਕੀਤੀ ਜਾ ਰਹੀ ਹੈ। ਇਸੇ ਦੌਰਾਨ ਕਪੂਰਥਲਾ ਤੋਂ ਚੋਰੀ ਹੋਈ ਇੱਕ ਕਾਰ ਨੂੰ ਥਾਣਾ ਬਿਆਸ ਦੀ ਪੁਲਸ ਪਾਰਟੀ ਨੇ ਮੁਸਤੈਦੀ ਵਰਤਦਿਆਂ ਕਥਿਤ ਚੋਰ ਸਣੇ ਬਰਾਮਦ ਕਰ ਲੈਣ ਦਾ ਦਾਅਵਾ ਕੀਤਾ ਹੈ।

ਥਾਣਾ ਬਿਆਸ ਦੇ ਐੱਸ.ਐੱਚ.ਓ. ਇੰਸਪੈਕਟਰ ਬਲਕਾਰ ਸਿੰਘ ਨੇ ਦੱਸਿਆ ਕਿ ਬੀਤੀ 23 ਅਪ੍ਰੈਲ ਨੂੰ ਰਾਤ ਸਮੇਂ ਕਪੂਰਥਲਾ ਸ਼ਹਿਰ ਦੇ ਇੱਕ ਇਲਾਕੇ ਤੋਂ ਕਾਰ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਸੀ। ਇਸ ਸਬੰਧੀ ਕਪੂਰਥਲਾ ਪੁਲਸ ਵਲੋਂ ਮੈਸੇਜ ਦਿੱਤਾ ਗਿਆ ਸੀ। ਅੰਮ੍ਰਿਤਸਰ ਦਿਹਾਤੀ ਪੁਲਸ ਨੇ ਤੁਰੰਤ ਹਰਕਤ ਵਿੱਚ ਆਉਂਦਿਆਂ ਥਾਣਾ ਬਿਆਸ ਅਧੀਨ ਪੈਂਦੀ ਪੁਲਸ ਚੌਂਕੀ ਰਈਆ ਦੇ ਸਬ ਇੰਸਪੈਕਟਰ ਰਘਬੀਰ ਸਿੰਘ ਅਤੇ ਪੁਲਸ ਪਾਰਟੀ ਨੇ ਨਾਕੇਬੰਦੀ ਕਰ ਲਈ। ਨਾਕੇਬੰਦੀ ਦੌਰਾਨ ਚੈਕਿੰਗ ਕਰਦੇ ਹੋਏ ਕਥਿਤ ਦੋਸ਼ੀ ਸਰਤਾਜ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਕਪੂਰਥਲਾ ਕੋਲੋਂ ਚੋਰੀ ਦੀ ਕਾਰ ਬਰਾਮਦ ਕਰ ਲਈ ਗਈ।

# ਡੀ ਸੀ ਨੇ ਸਫਾਈ ਕਰਮਚਾਰੀਆਂ ਨੂੰ 130 ਸਫਾਈ ਕਿੱਟਾਂ ਵੰਡੀਆਂ



**ਸਹੀਦ ਭਗਤ ਸਿੰਘ ਨਗਰ**

ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਮੰਗਲਵਾਰ ਨੂੰ ਲੋਕਾਂ ਨੂੰ ਪਲਾਸਟਿਕ ਦੇ ਲਿਫਾਫਿਆਂ (ਕੈਰੀ ਬੈਗ) ਦੀ ਵਰਤੋਂ ਤੋਂ ਗੁਰੇਜ਼ ਕਰਨ ਅਤੇ ਨਵਾਂਸ਼ਹਿਰ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਪ੍ਰਸ਼ਾਸਨ ਨਾਲ ਪੂਰਨ ਸਹਿਯੋਗ ਦੇਣ ਦਾ ਸੱਦਾ ਦਿੱਤਾ।@ਆਪ@ ਦੇ ਸੀਨੀਅਰ ਆਗੂ ਲਲਿਤ ਮੋਹਨ ਪਾਠਕ, ਏਡੀਸੀ (ਯੂ ਡੀ) ਅਮਿਤ ਸਰੀਨ ਸਮੇਤ ਨਵਾਂਸ਼ਹਿਰ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਨੂੰ 130 ਸਫਾਈ ਕਿੱਟਾਂ ਦੀ ਵੰਡ ਕਰਦਿਆਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਛੱਡਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੋਲੀਥੀਨ/ਪਲਾਸਟਿਕ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਂਦਾ ਹੈ ਅਤੇ ਲੋਕਾਂ ਨੂੰ ਜੂਟ ਦੇ ਥੈਲਿਆਂ ਵਰਗੇ ਹੋਰਨਾਂ ਉਤਪਾਦਾਂ ਵੱਲ ਜਾਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਵਾਤਾਵਰਨ ਪੱਖੀ ਬੈਗ ਪਲਾਸਟਿਕ ਦੇ ਲਿਫ਼ਾਫ਼ਿਆਂ ਕਾਰਨ ਪੈਦਾ ਹੋ ਰਹੀ ਵਾਤਾਵਰਣ ਦੀ ਸਮੱਸਿਆ ਨੂੰ ਦੂਰ ਕਰਨ ਵਿੱਚ ਸਹਾਈ ਸਿੱਧ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਜੂਟ (ਪਟਸਨ) ਜਾਂ ਕੱਪੜੇ ਦੇ ਥੈਲੇ ਵਾਤਾਵਰਨ ਜਾਂ ਮਨੁੱਖੀ ਸਿਹਤ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਉਂਦੇ ਅਤੇ ਪਲਾਸਟਿਕ ਦੇ ਥੈਲੇ ਕਈ ਸਾਲਾਂ ਤੱਕ ਗਲਦੇ/ਸੜਦੇ ਨਹੀਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਲੋਕਾਂ ਦੇ ਸਰਗਰਮ ਸਹਿਯੋਗ ਅਤੇ ਸਹਿਯੋਗ ਸਦਕਾ ਨਵਾਂਸ਼ਹਿਰ ਸਵੱਛ, ਹਰਿਆ ਭਰਿਆ, ਪ੍ਰਦੂਸ਼ਣ ਅਤੇ ਪਲਾਸਟਿਕ ਮੁਕਤ ਜ਼ਿਲ੍ਹੇ ਵਜੋਂ ਮੋਹਰੀ ਸ਼ਹਿਰ ਹੋਵੇਗਾ।ਇਸ ਦੌਰਾਨ, ਐਨ.ਪੀ.ਐਸ. ਰੰਧਾਵਾ ਨੇ ਅੱਗੇ ਕਿਹਾ ਕਿ ਇਹ ਸਫਾਈ ਕਿੱਟਾਂ ਇੰਡੀਅਨ ਰੈੱਡ ਕਰਾਸ ਸੋਸਾਇਟੀ ਦੁਆਰਾ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਇਨ੍ਹਾਂ ਵਿੱਚ ਹੱਥ ਧੋਣ ਵਾਲੇ ਸਾਬਣ, ਤਰਲ ਹੈਂਡਵਾਸ਼, ਦਸਤਾਨੇ, ਮਾਸਕ, ਸੈਨੇਟਰੀ ਨੈਪਕਿਨ ਅਤੇ ਹੋਰ ਚੀਜ਼ਾਂ ਸ਼ਾਮਲ ਹਨ।

# ਪਾਣੀਂ ਬਚਾਓ ਜੀਵਨ ਬਚਾਓ ਦੋਆਬਾ ਕਾਲਜ ਦੇ ਵਿਦਆਰਥੀਆਂ ਨੇ ਕੱਢੀ ਰੈਲੀ



**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਦੋਆਬਾ ਕਾਲਜ਼ ਛੋਕਰਾਂ ਦੇ ਵਿਿਦਆਰਥੀਆਂ ਨੇ ਪਾਣੀਂ ਬਚਾਓ ਜੀਵਨ ਬਚਾਓ ਦੇ ਸਲੋਗਨ ਬਣਾ ਕੇ ਜਾਗੁਰਕਤਾ ਰੈਲੀ ਕੱਢੀ।ਦੋਆਬਾ ਕਾਲਜ਼ ਦੇ ਡਾਇਰੈਕਟਰ ਡਾ. ਰਾਜੇਸ਼ਵਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਣੀਂ ਦਾ ਸਤਰ ਦਿਨ ਪ੍ਰਤੀ ਦਿਨ ਹੇਠਾਂ ਜਾ ਰਿਹਾ ਹੈ।ਉਹਨਾਂ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਸਾਡੀਆਂ ਆਉਂਣ ਵਾਲੀਆਂ ਪੀੜੀਆਂ ਪਾਣੀਂ ਨੂੰ ਤਰਸਣਗੀਆਂ।ਸਾਨੂੰ ਇਸਦੇ ਬਚਾਓ ਲਈ ਗੰਭੀਰ ਹੋਣਾਂ ਪਵੇਗਾ।ਇਹ ਰੈਲੀ ਦੋਆਬਾ ਕਾਲਜ ਤੋਂ ਚੱਲ ਕੇ ਜਾਡਲਾ ਟੀ ਪੁਆਂਇੰਟ, ਬੱਸ ਸਟੈਂਡ ਰਾਹੋਂ, ਮੇਨ ਬਾਜ਼ਾਰ, ਦਿੱਲੀ ਗੇਟ ਵਿਖੇ ਸਮਾਪਤ ਹੋਈ।ਕਾਲਜ ਦੇ ਵਿਿਦਆਰਥੀਆਂ ਨੇ ਪਾਣੀ ਦੇ ਬਚਾਓ ਦਾ ਸੰਦੇਸ਼ ਦਿੰਦੇ ਵੱਖਰੇ ਵੱਖਰੇ ਸਲੋਗਨ ਬਣਾਏ ਹੋਏ ਸਨ।ਇਸ ਮੋਕੇ ਤੇ ਲੈਕਚਰਾਰ ਅਰਵਿੰਦ ਕੌਰ, ਜਸਵਿੰਦਰ ਸਿੰਘ ਹੁੰਦਲ, ਗਗਨਦੀਪ ਸਿੰਘ, ਨਿਸ਼ਕਰਨ ਕੌਰ ਨੇ ਵੀ ਸੰਬੋਧਨ ਕੀਤਾ।

# ਸਿਵਲ ਹਸਪਤਾਲ ਨਵਾਂਸ਼ਹਿਰ ਵਿੱਚ ਖਾਲੀ ਅਸਾਮੀਆਂ ਨੂੰ ਤੁਰੰਤ ਪ੍ਰਭਾਵ ਨਾਲ ਭਰੇਗੀ ਆਪ:- ਸਤਨਾਮ ਸਿੰਘ ਜਲਵਾਹਾ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਆਮ ਆਦਮੀ ਪਾਰਟੀ ਪੰਜਾਬ ਦੇ ਉਪ ਪ੍ਰਧਾਨ ਅਤੇ ਪੰਜਾਬ ਦੇ ਬੁਲਾਰੇ ਸਤਨਾਮ ਸਿੰਘ ਜਲਵਾਹਾ ਨੇ ਸਿਵਲ ਹਸਪਤਾਲ ਨਵਾਂਸ਼ਹਿਰ ਵਿਖੇ ਮਰੀਜ਼ਾਂ ਦਾ ਹਾਲ ਚਾਲ ਜਾਣਨ ਲਈ ਅਤੇ ਹਸਪਤਾਲ ਵਿੱਚ ਆ ਰਹੀਆਂ ਸਮੱਸਿਆਵਾਂ ਸਬੰਧੀ ਜਾਣਕਾਰੀ ਲੈਣ ਲਈ ਸਿਵਲ ਹਸਪਤਾਲ ਨਵਾਂਸ਼ਹਿਰ ਦਾ ਦੌਰਾ ਕੀਤਾ ਅਤੇ ਸਾਰੇ ਮਰੀਜ਼ਾਂ ਦਾ ਹਾਲ ਚਾਲ ਪੁੱਛਿਆ। ਸਤਨਾਮ ਸਿੰਘ ਜਲਵਾਹਾ ਨੇ ਸਿਵਲ ਸਰਜਨ ਡਾ ਦਵਿੰਦਰਪਾਲ ਢਾਂਡਾ ਤੋਂ ਹਸਪਤਾਲ ਵਿੱਚ ਖ਼ਾਲੀ ਅਸਾਮੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਨਵਾਂਸ਼ਹਿਰ ਦੇ ਸਿਵਲ ਹਸਪਤਾਲ ਨੂੰ ਵਧੀਆ ਬਣਾਉਣ ਲਈ ਉਨ੍ਹਾਂ ਨੇ ਸਿਵਲ ਸਰਜਨ ਡਾ ਦਵਿੰਦਰਪਾਲ ਢਾਂਡਾ ਅਤੇ ਸਾਰੇ ਡਾਕਟਰੀ ਸਟਾਫ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜ਼ਲਦ ਪੰਜਾਬ ਦੇ ਸਿਹਤ ਮੰਤਰੀ ਸ੍ਰੀ ਵਿਜੇ ਸਿੰਗਲਾ ਜੀ ਨਾਲ ਇਸ ਸਬੰਧੀ ਮੀਟਿੰਗ ਕਰਕੇ ਖਾਲੀ ਅਸਾਮੀਆਂ ਨੂੰ ਭਰਨ ਲਈ ਉਪਰਾਲਾ ਕਰਨਗੇ।ਇਸ ਮੌਕੇ ਉਨ੍ਹਾਂ ਨੇ ਸਾਰੇ ਮਰੀਜ਼ਾਂ ਤੋਂ ਡਾਕਟਰ ਸਹਿਬਾਨ ਅਤੇ ਨਰਸਿੰਗ ਸਟਾਫ ਬਾਰੇ ਜਾਣਕਾਰੀ ਲਈ ਅਤੇ ਸਿਵਲ ਹਸਪਤਾਲ ਦੇ ਸਾਰੇ ਡਾਕਟਰ ਸਹਿਬਾਨ ਅਤੇ ਨਰਸਿੰਗ ਸਟਾਫ ਨੂੰ ਵਿਸ਼ੇਸ਼ ਤੌਰ ਉੱਤੇ ਹੱਲਾਸ਼ੇਰੀ ਦਿੰਦਿਆਂ ਕਿਹਾ ਕਿ ਉਹ ਘੱਟ ਸਟਾਫ਼ ਹੋਣ ਦੇ ਬਾਵਜੂਦ ਵੀ ਮਰੀਜ਼ਾਂ ਨੂੰ ਵਧੀਆ ਸੇਵਾਵਾਂ ਪ੍ਰਦਾਨ ਕਰ ਰਹੇ ਹਨ, ਸਤਨਾਮ ਸਿੰਘ ਜਲਵਾਹਾ ਨੇ ਇਕੱਲੇ ਇਕੱਲੇ ਮਰੀਜ਼ ਕੋਲ ਜਾਕੇ ਉਨ੍ਹਾਂ ਦਾ ਹਾਲ ਚਾਲ ਪੁੱਛਿਆ ਅਤੇ ਉਨ੍ਹਾਂ ਨੇ ਮਰੀਜ਼ਾਂ ਤੋਂ ਹਸਪਤਾਲ ਦੇ ਸਟਾਫ ਬਾਰੇ ਵੀ ਜਾਣਕਾਰੀ ਲਈ ਕਿ ਉਹ ਉਨ੍ਹਾਂ ਨਾਲ ਪਿਆਰ ਭਾਵ ਨਾਲ ਪੇਸ਼ ਆਉਂਦੇ ਹਨ ਜਾਂ ਨਹੀਂ, ਇਸ ਉਤੇ ਸਾਰੇ ਮਰੀਜ਼ਾਂ ਨੇ ਸੰਤੁਸ਼ਟੀ ਜਿਤਾਉਂਦੇ ਹੋਏ ਕਿਹਾ ਕਿ ਹੁਣ ਸਰਕਾਰੀ ਹਸਪਤਾਲਾਂ ਵਿੱਚ ਪਹਿਲਾਂ ਵਾਲਾ ਮਾਹੌਲ ਨਹੀਂ ਰਿਹਾ ਸਗੋਂ ਪ੍ਰਾਈਵੇਟ ਹਸਪਤਾਲ ਵਾਂਗ ਮਰੀਜ਼ ਦੀ ਹਰ ਗੱਲ ਸੁਣੀ ਜਾਂਦੀ ਹੈ ਅਤੇ ਪਹਿਲ ਦੇ ਆਧਾਰ ਉੱਤੇ ਨਰਸਿੰਗ ਸਟਾਫ ਵੱਲੋਂ ਅਤੇ ਡਾਕਟਰਾਂ ਵੱਲੋਂ ਮਰੀਜ਼ ਦੀ ਗੱਲ ਉਤੇ ਧਿਆਨ ਦਿੱਤਾ ਜਾਂਦਾ ਹੈ।ਇਸ ਮੌਕੇ ਜਲਵਾਹਾ ਨੇ ਸਾਰੇ ਮਰੀਜ਼ਾਂ ਤੋਂ ਦਵਾਈਆਂ ਬਾਰੇ ਵੀ ਜਾਣਕਾਰੀ ਲਈ ਕਿ ਉਨ੍ਹਾਂ ਨੂੰ ਹੁਣ ਕੋਈ ਦਵਾਈ ਬਾਹਰੋਂ ਖ਼ਰੀਦਣ ਲਈ ਕੋਈ ਜ਼ੋਰ ਤਾਂ ਨਹੀਂ ਪਾਇਆ ਜਾਂਦਾ, ਤਾਂ ਇਸ ਉਤੇ ਮਰੀਜ਼ਾਂ ਨੇ ਦੱਸਿਆ ਕਿ ਹੁਣ ਸਾਰੀ ਦੀ ਸਾਰੀ ਦਵਾਈ ਸਿਵਲ ਹਸਪਤਾਲ ਨਵਾਂਸ਼ਹਿਰ ਵੱਲੋਂ ਹੀ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਕਿਸੇ ਵੀ ਮਰੀਜ਼ ਨੂੰ ਬਾਹਰੋਂ ਦਵਾਈ ਲਿਆਉਣ ਦੀ ਲੋੜ ਨਹੀਂ ਪੈਂਦੀ। ਇਸ ਮੌਕੇ ਜਲਵਾਹਾ ਨੂੰ ਕੁਝ ਮਰੀਜ਼ਾਂ ਵੱਲੋਂ ਕੁਝ ਸਮੱਸਿਆਵਾਂ ਵੀ ਦੱਸੀਆਂ ਜਿਨ੍ਹਾਂ ਨੂੰ ਸਿਵਲ ਸਰਜਨ ਡਾ ਦਵਿੰਦਰਪਾਲ ਢਾਂਡਾ ਨਾਲ ਉਸੇ ਵਕਤ ਗੱਲ ਕਰਕੇ ਮੌਕੇ ਤੇ ਹੱਲ ਕਰਵਾਇਆ ਗਿਆ। ਜਲਵਾਹਾ ਨੇ ਕਿਹਾ ਕਿ ਡਾਕਟਰੀ ਸਟਾਫ ਸੰਬੰਧੀ ਜੋ ਵੀ ਕਮੀਆਂ ਉਨ੍ਹਾਂ ਨੂੰ ਦੱਸੀਆਂ ਗਈਆਂ ਹਨ ਉਨ੍ਹਾਂ ਨੂੰ ਜ਼ਲਦ ਪੂਰਾ ਕਰਨ ਲਈ ਪੰਜਾਬ ਦੇ ਸਿਹਤ ਮੰਤਰੀ ਸ੍ਰੀ ਵਿਜੇ ਸਿੰਗਲਾ ਜੀ ਨਾਲ ਰਾਬਤਾ ਕਾਇਮ ਕਰਕੇ ਉਨ੍ਹਾਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਗੇ। ਇਸ ਮੌਕੇ ਉਨ੍ਹਾਂ ਨਾਲ ਜ਼ਿਲਾ ਪ੍ਰਧਾਨ ਕਿਸਾਨ ਵਿੰਗ ਸੁਰਿੰਦਰ ਸਿੰਘ ਸੰਘਾ, ਪੰਜਾਬ ਯੂਥ ਦੇ ਜੁਆਇੰਟ ਸੈਕਟਰੀ ਮਨਦੀਪ ਸਿੰਘ ਅਟਵਾਲ, ਬਲਾਕ ਪ੍ਰਧਾਨ ਕੁਲਵੰਤ ਸਿੰਘ ਰਕਾਸਣ, ਰਾਹੋਂ ਦੇ ਸ਼ਹਿਰੀ ਪ੍ਰਧਾਨ ਜੋਗੇਸ਼ ਕੁਮਾਰ ਜੋਗਾ, ਯੂਥ ਆਗੂ ਯੁੱਧਵੀਰ ਕੰਗ ਅਤੇ ਸਰਕਲ ਪ੍ਰਧਾਨ ਗੁਰਦੇਵ ਸਿੰਘ ਮੀਰਪੁਰੀ ਵਿਸ਼ੇਸ਼ ਤੌਰ ਉੱਤੇ ਹਾਜ਼ਰ ਸਨ।



# ਹਲਕਾ ਪੂਰਬੀ ਵਿਧਾਇਕ ਭੋਲਾ ਵੱਲੋਂ ਸੀਵਰੇਜ਼ ਸਮੱਸਿਆ ਸਬੰਧੀ ਮੀਟਿੰਗ




**ਲੁਧਿਆਣਾ/ਸੁਖਚੈਨ ਮਹਿਰਾ, ਕਰਨ ਅੱਗਰਵਾਲ**

ਵਿਧਾਇਕ ਸ. ਦਲਜੀਤ ਸਿੰਘ ਗਰੇਵਾਲ (ਭੋਲਾ) ਵੱਲੋਂ ਅੱਜ ਹਲਕਾ ਪੂਰਬੀ ਦੇ ਵਾਰਡ ਨੰਬਰ 6, 7 ਤੇ 10 ਦੇ ਵਸਨੀਕਾਂ ਨਾਲ ਸੀਵਰੇਜ਼ ਸਮੱਸਿਆ ਸਬੰਧੀ ਮੀਟਿੰਗ ਕੀਤੀ ਗਈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਵਿਧਾਇਕ ਭੋਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਪਰੋਕਤ ਵਾਰਡਾਂ ਦੇ ਵਸਨੀਕਾਂ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸੀਵਰੇਜ਼ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਜਿਸ ਸਬੰਧੀ ਮਾਰਕੀਟ ਐਸੋਸੀਏਸ਼ਨ ਵੱਲੋਂ ਉਨ੍ਹਾ ਨੂੰ ਇਸ ਦੇ ਤੁਰੰਤ ਹੱਲ ਲਈ ਮੰਗ ਪੱਤਰ ਵੀ ਸੌਂਪਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬਰਸਾਤੀ ਮੌਸਮ ਦੌਰਾਨ ਤਾਂ ਹਾਲਾਤ ਬੇਹੱਦ ਮਾੜੇ ਹੋ ਜਾਂਦੇ ਹਨ ਅਤੇ ਬਦਬੂ ਫੈਲਣ ਕਾਰਨ ਲੋਕ ਨਰਕ ਭਰਿਆ ਜੀਵਨ ਬਤੀਤ ਕਰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਵਸਨੀਕਾਂ ਨਾਲ ਅਤੇ ਸਬੰਧਤ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦਾ ਮੁੱਖ ਮੰਤਵ ਇਹ ਰਿਹਾ ਕਿ ਵਸਨੀਕਾਂ ਵੱਲੋਂ ਆਪਣੀ ਪ੍ਰੇਸ਼ਾਨੀਆਂ ਤੋਂ ਅਧਿਕਾਰੀਆਂ ਨੂੰ ਜਾਣੂੰ ਕਰਵਾਇਆ ਗਿਆ ਅਤੇ ਅਧਿਕਾਰੀਆਂ ਵੱਲੋਂ ਵੀ ਜਲਦ ਇਸ ਦਾ ਢੁੱਕਵਾਂ ਹੱਲ ਕੱਢਣ ਦਾ ਭਰੋਸਾ ਦਿੱਤਾ ਗਿਆ। ਵਿਧਾਇਕ ਸ. ਦਲਜੀਤ ਸਿੰਘ ਗਰੇਵਾਲ (ਭੋਲਾ) ਨੇ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਆਗਾਮੀ ਬਰਸਾਤੀ ਮੌਸਮ ਤੋਂ ਪਹਿਲਾਂ-ਪਹਿਲਾਂ ਇਸ ਨਰਕ ਭਰੇ ਹਾਲਾਤਾਂ ਤੋਂ ਇਲਾਕਾ ਨਿਵਾਸੀਆਂ ਨੂੰ ਨਿਜਾਤ ਦਿਵਾਈ ਜਾਵੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸ਼ਹਿਰਵਾਸੀਆਂ ਨੂੰ ਹਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਮਾਰੀਕਟ ਐਸੋਸੀਏਸ਼ਨ ਦੇ ਪ੍ਰਧਾਨ ਬੰਟੀ, ਤਰਸੇਮ ਭਿੰਡਰ, ਧਰਮਿੰਦਰ ਫੌਜੀ, ਇੰਦਰਜੀਤ ਕੌਰ, ਗੱਗੀ ਸ਼ਰਮਾ, ਅਸ਼ਵਨੀ ਕੁਮਾਰ, ਰਣਜੀਤ ਸੈਣੀ, ਧਰਮਿੰਦਰ ਬੱਸੀ ਤੇ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਪਟਿਆਲਾ ਬੱਸ ਸਟੈਂਡ ਦੇ ਕੋਲ ਰੇਲਵੇ ਟਰੈਕ ਉੱਤੇ ਮਾਲ ਗੱਡੀ ਦੇ ਅੱਗੇ ਛਾਲ ਮਾਰ ਕੇ 24 ਸਾਲ ਦੇ ਨੌਜਵਾਨ ਨੇ ਕੀਤੀ ਆਤਮ ਹੱਤਿਆ




**ਪਟਿਆਲਾ/ਇਕਬਾਲ ਸਿੰਘ:** ਪਟਿਆਲਾ ਦੇ ਬੱਸ ਸਟੈਂਡ ਰੇਲਵੇ ਕਰਾਸਿੰਗ ਦੇ ਕੋਲ 24 ਸਾਲ ਦੇ ਨੌਜਵਾਨ ਤੇ ਵੱਲੋਂ ਮਾਲ ਗੱਡੀ ਦੇ ਅੱਗੇ ਛਾਲ ਮਾਰ ਕੇ ਕੀਤੀ ਗਈ ਆਤਮਹੱਤਿਆ। ਉੱਥੇ ਹੀ ਮੌਕੇ ਤੇ ਪਹੁੰਚੇ ਹੋਏ ਜੀ ਆਰ ਬੀ ਦੇ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਨੌਜਵਾਨ ਜਿਸ ਦੀ ਉਮਰ 24 ਤੋਂ 25 ਸਾਲ ਜਾਪਦੀ ਹੈ। ਉਹ ਪਟਿਆਲਾ ਦੇ ਮੋਰਚਰੀ ਦੇ ਵਿਚ ਸ਼ਨਾਖਤੀ ਦੇ ਲਈ ਰੱਖ ਦਿੱਤਾ ਗਿਆ ਹੈ ਉਨ੍ਹਾਂ ਵੱਲੋਂ ਇਹ ਦੱਸਿਆ ਗਿਆ ਨੌਜਵਾਨ ਦੇ ਪਰਿਵਾਰਕ ਸਦੱਸਾਂ ਦੇ ਨਾਲ ਰਾਬਤਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਇਸ ਮੌਕੇ ਤੇ ਪੁਲੀਸ ਔਫੀਸਰ ਨੇ ਦੱਸਿਆ ਕਿ ਹੈ ਦੁਪਹਿਰ ਦੇ ਬਾਰਾਂ ਸਾਡੇ ਬਾਰੇ ਦੇ ਇਕ ਨੌਜਵਾਨ ਨੇ ਗੱਡੀ ਹੇਠ ਆ ਕੇ ਆਤਮ ਹੱਤਿਆ ਕਰ ਲਈ ਹੈ ਉਸ ਦੀ ਉਮਰ 24 ਤੋ 25 ਸਾਲ ਹੈਂ। ਉਹਨਾਂ ਕਿਹਾ ਕਿ ਇਸ ਦੀ ਸ਼ਨਾਖ਼ਤ ਦੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਲਾਸ਼ ਦੀ ਤਲਾਸ਼ ਕੀਤੀ ਜਾ ਰਹੀ ਹੈ ਅਤੇ ਲਾਸ਼ ਮਾਰਚਰੀ ਵਾਸਤੇ ਰਜਿੰਦਰਾ ਹਸਪਤਾਲ ਵਿਚ ਕਰਵਾਈ ਜਾਵੇਗੀ ਉਨ੍ਹਾਂ ਕਿਹਾ ਕਿ ਅਸੀਂ ਜਾਂਚ ਪੜਤਾਲ ਕਰ ਰਹੇ ਹਾਂ ਅਤੇ ਸੀ ਸੀ ਟੀਵੀ ਜਾਚ ਰਹੇ ਹਾਂ। ਉਹਨਾਂ ਵੱਲੋਂ ਦੱਸਿਆ ਗਿਆ ਕਿ ਹੈ ਅਰਥੀ ਦੇਖਣ ਵਿੱਚ ਚੰਗੇ ਘਰ ਬਾਰ ਤੋਂ ਲੱਗਦਾ ਹੈ ਪਰ ਇਹ ਸੋਸਾਇਡ ਕੇਸ ਹੈ। ਉਨ੍ਹਾਂ ਕਿਹਾ ਕਿ ਸਾਡੀ ਅਪੀਲ ਹੈ ਕਿ ਰੇਲਵੇ ਟਰੈਕ ਕਰਾਸ ਕਰਨ ਲੱਗੇ ਇੱਕ ਵਾਰ ਏਧਰ-ਓਧਰ ਚੈੱਕ ਜ਼ਰੂਰ ਕੀਤਾ ਜਾਵੇ ਹਮੇਸ਼ਾ ਧਿਆਨ ਨਾਲ ਕਰੋਸਿੰਗ ਕੀਤੀ ਜਾਵੇ।

# ਡਿਪਟੀ ਕਮਿਸ਼ਨਰ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਰਿਕਵਰੀਆਂ ਯਕੀਨੀ ਬਣਾਉਣ ਦੇ ਦਿੱਤੇ ਆਦੇਸ਼

## ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਨਿਬੇੜੇ ਜਾਣ - ਡਿਪਟੀ ਕਮਿਸ਼ਨਰ




**ਅੰਮ੍ਰਿਤਸਰ/ਰਾਜਾ ਕੋਟਲੀ**

ਜਿਲੇ ? ਦੇ ਮਾਲ ਵਿਭਾਗ ਦੀ ਸਮੀਖਿਆ ਕਰਦੇ ਡਿਪਟੀ ਕਮਿਸ਼ਨਰ ਸ: ਹਰਪ੍ਰੀਤ ਸਿੰਘ ਸੂਦਨ ਨੇ ਵਿਭਾਗ ਦੇ ਕੰਮ ਦੀ ਪ੍ਰਗਤੀ ਦਾ ਜਾਇਜਾ ਲੈਂਦੇ ਹੋਏ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਿਕਵਰੀਆਂ ਵਿੱਚ ਤੇਜੀ ਲਿਆਂਦੀ ਜਾਵੇ ਅਤੇ ਪੁਰਾਣੇ ਪਏ ਇੰਤਕਾਲਾਂ ਦਾ ਨਿਪਟਾਰਾ ਮਿਥੇ ਸਮੇਂ ਅੰਦਰ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਤਹਿਸੀਲਦਾਰਾਂ ਨੂੰ ਕਿਹਾ ਕਿ ਜਿੰਨਾਂ ਦੇ ਖੇਤਰਾਂ ਵਿੱਚ ਇੰਤਕਾਲਾ ਪੈਡਿੰਗ ਪਏ ਹਨ 'ਤੇ ਨਿੱਜੀ ਧਿਆਨ ਦੇ ਕੇ ਨੇਪਰੇ ਚਾੜਿਆ ਜਾਵੇ ਤਾਂ ਜੋ ਲੋਕਾਂ ਨੂੰ ਕਿਸ ਕਿਸਮ ਦੀ ਮੁਸਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਹ ਆਮ ਵੇਖਣ ਵਿੱਚ ਆ ਰਿਹਾ ਹੈ ਕਿ ਰਜਿਸਟਰੀ ਕਰਵਾਉਣ ਸਮੇਂ ਲੋਕਾਂ ਵੱਲੋਂ ਇੰਤਕਾਲ ਨਹੀਂ ਕਰਵਾਇਆ ਜਾਂਦਾ, ਜਿਸ ਕਰਕੇ ਵਿਭਾਗ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨਾਂ ਕਿਹਾ ਕਿ ਸਰਕਾਰ ਦਾ ਅਕਸ਼ ਆਪਨੇ ਕੀਤੇ ਕੰਮਾਂ ਨਾਲ ਹੀ ਬਣਨਾ ਹੁੰਦਾ ਹੈ ਸੋ ਦਫ਼ਤਰਾਂ ਵਿਚ ਆਪਣੇ ਕੰਮਾਂ ਲਈ ਆਉਂਦੇ ਲੋਕਾਂ ਨਾਲ ਸਲੀਕੇ ਨਾਲ ਪੇਸ਼ ਆਇਆ ਜਾਵੇ ਅਤੇ ਕਾਇਦੇ ਵਿਚ ਰਹਿੰਦੇ ਹੋਏ ਉਨਾਂ ਦੇ ਕੰਮ ਕੀਤੇ ਜਾਣ ਨਾ ਕਿ ਬਾਰ-ਬਾਰ ਦਫ਼ਤਰ ਆਉਣ ਲਈ ਮਜ਼ਬੂਰ ਕੀਤਾ ਜਾਵੇ। ਉਨਾਂ ਕਿਹਾ ਕਿ ਸਰਕਾਰੀ ਫਾਈਲਾਂ ਦੇ ਨਿਬੇੜੇ ਦੇ ਨਾਲ ਨਾਲ ਦਫ਼ਤਰ ਆਏ ਆਮ ਲੋਕਾਂ ਦੇ ਕੰਮ ਕਰਨੇ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ।ਉਨਾਂ ਕਿਹਾ ਕਿ ਰਜਿਸਟਰੀਆਂ ਕਰਵਾਉਣ ਲਈ ਸਬ ਰਜਿਸਟਰਾਰ ਦਫਤਰਾਂ ਵਿਚ ਆਉਂਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ ਇਸ ਲਈ ਸਬੰਧਤ ਸਬ ਰਜਿਸਟਰਾਰ ਖੁਦ ਧਿਆਨ ਦੇਣ।ਉਨਾਂ ਕਿਹਾ ਕਿ ਜੇਕਰ ਸਬ ਰਜਿਸਟਰਾਰ ਕਿਸੇ ਸਰਕਾਰੀ ਕੰਮ ਲਈ ਦਫਤਰ ਤੋਂ ਬਾਹਰ ਹੋਵੇ ਤਾਂ ਦਫਤਰ ਦੇ ਬਾਹਰ ਨੋਟਿਸ ਲਗਾ ਕੇ ਜਾਓ।ਸ੍ਰੀ ਸੂਦਨ ਨੇ ਹਦਾਇਤ ਕੀਤੀ ਹੈ ਕਿ ਜਿਸ ਦਿਨ ਸਬ ਰਜਿਸਟਰਾਰ ਵੱਲੋਂ ਕੋਰਟ ਲਗਾਈ ਜਾਣੀ ਹੈ, ਉਸ ਦਿਨ ਰਜਿਸਟਰੀਆਂ ਦਾ ਸਮਾਂ ਸਵੇਰੇ 9 ਤੋਂ 2 ਵਜੇ ਤੱਕ ਦਾ ਹੋਵੇ ਅਤੇ ਇਸ ਸਬੰਧੀ ਵੀ ਲੋਕਾਂ ਨੂੰ ਨੋਟਿਸ ਜ਼ਰੀਏ ਜਾਣਕਾਰੀ ਦਿੱਤੀ ਜਾਵੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੰਜੀਵ ਕੁਮਾਰ, ਐਸ.ਡੀ.ਐਮ. ਸ੍ਰੀ ਰਾਜੇਸ਼ ਸ਼ਰਮਾ, ਐਸ.ਡੀ.ਐਮ. ਸ੍ਰੀਮਤੀ ਅਮਨਦੀਪ ਕੌਰ, ਜਿਲ੍ਹਾ ਮਾਲ ਅਫ਼ਸਰ ਸ: ਅਰਵਿੰਦਰ ਪਾਲ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜੋਨ ਨਡਾਲਾ ਦੀ ਹੋਈ ਮੀਟਿੰਗ



**ਭੁਲੱਥ/ਧਵਨ**

ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਜੱਥੇਬੰਦੀ ਦੇ ਜੋਨ ਨਡਾਲਾ ਦੀ ਕਿਸਾਨਾਂ ਨਾਲ ਪ੍ਰਧਾਨ ਨਿਸ਼ਾਨ ਸਿੰਘ ਦੀ ਅਗਵਾਈ ਹੇਠ ਇਕ ਮੀਟਿੰਗ ਨਡਾਲਾ ਵਿਖੇ ਹੋਈ। ਜਿਸ ਵਿੱਚ ਲਾਗਲੇ ਪਿੰਡਾਂ ਦੇ ਕਿਸਾਨਾਂ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੋਕੇ ਜਿਲਾ ਪ੍ਰਧਾਨ ਸਰਵਣ ਸਿੰਘ ਬਾਊਪੁਰ ਸਿੰਘ ਨੇ ਉਚੇਚੇ ਤੋਰ ਤੇ ਸਾਮੂਲੀਅਤ ਕੀਤੀ। ਮੀਟਿੰਗ ਸੰਬੋਧਨ ਕਰਦੇ ਪ੍ਰਧਾਨ ਨਿਸ਼ਾਨ ਸਿੰਘ ਨੇ ਕਿਹਾ ਕਿ ਵੱਧ ਤੋਂ ਵੱਧ ਜੱਥੇਬੰਦੀ ਨਾਲ ਜੁੜੋ ਤੇ ਸਿਆਸੀ ਵਾਤਾਵਰਨ ਤੋ ਦੂਰ ਰਹਿ ਆਪਣੇ ਕਿਸਾਨੀ ਮਸਲਿਆਂ ਤੇ ਪਹਿਰਾ ਦੇਈਏ ਅਤੇ ਸੂਬਾ ਪ੍ਰਧਾਨ ਸਤਨਾਮ ਸਿੰਘ ਪੰਨੂ ਦੇ ਦਿਸ਼ਾ ਨਿਰਦੇਸ਼ਾ ਨਾਲ ਚੱਲੀਏ। ਨਿਸ਼ਾਨ ਸਿੰਘ ਨੇ ਜਿਕਰ ਕੀਤਾ ਕਿ ਭ੍ਰਿਸ਼ਟਾਚਾਰ ਸਾਡੇ ਹਲਕੇ ਵਿੱਚ ਕਾਫੀ ਪੈਰ ਪ੍ਰਸਾਰ ਚੁੱਕਾ ਹੈ ਜੋ ਜੱਥੇਬੰਦੀ ਦੇ ਜੋਰ ਨਾਲ ਖਤਮ ਕੀਤਾ ਜਾਵੇਗਾ। ਖਾਸ ਗੱਲ ਕੀਤੀ ਕਿ ਲਾਗਲੇ ਪਿੰਡ ਹਮੀਰਾ ਦਾ ਜਮੀਨੀ ਪੀਣ ਯੋਗ ਪਾਣੀ ਦੂਸ਼ਿਤ ਹੋ ਚੁੱਕਾ ਹੈ, ਜਿਸਦੀ ਜੁੰਮੇਵਾਰ ਕੇਵਲ ਹਮੀਰਾ ਮਿੱਲ ਹੈ। ਉਨ੍ਹਾਂ ਕਿਹਾ ਕਿ ਅਸੀ ਅਫਸਰ ਸ਼ਹੀ ਤੇ ਪ੍ਰਸ਼ਾਸ਼ਨ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਪ੍ਰੰਤੂ ਸੱਭ ਅੱਖਾ ਮੀਚ ਲੈਂਦੇ ਹਨ, ਹੁਣ ਅਸੀ ਸੂਬਾ ਪੱਧਰ ਤੇ ਸੰਘਰਸ਼ ਕਰਕੇ ਪਾਣੀ ਤੇ ਹਵਾ ਦੂਸ਼ਿਤ ਹੋਣ ਤੋ ਰੋਕਾਂਗੇ। ਇੱਥੇ ਪਹੁੰਚੇ ਜਿਲਾ ਪ੍ਰਧਾਨ ਨੇ ਸਰਵਨ ਸਿੰਘ ਬਾਊਪੁਰ ਨੇ ਕਿਹਾ ਕਿ ਸਰਕਾਰਾ ਕਿਸਾਨਾਂ ਦਾ ਕਰਜਾ ਮੁਆਫੀ ਦੇ ਵਾਅਦੇ ਤੋ ਭੱਜ ਰਹੀਆਂ ਹਨ। ਪਹਿਲਾਂ ਕੈਪਟਨ ਸਰਕਾਰ ਤੇ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਿਸਾਨਾਂ ਦੀ ਸੰਪੂਰਨ ਕਰਜਾ ਮੁਆਫ਼ੀ ਕਰਨ ਦੀ ਬਜਾਰੇ ਕਿਸਾਨਾਂ ਉਪੱਰ ਪਰਚੇ ਕੱਟ ਕੇ ਅੰਦਰ ਕਰ ਰਹੀ ਹੈ ਅਤੇ ਕਿਸਾਨ ਖੁਦਕੁਸ਼ੀਆਂ ਕਰ ਰਹੇ ਹਨ। ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੰਬੋਧਨ ਕਰਦੇ ਕਿਹਾ ਕਿ ਕਿਸਾਨਾਂ ਨੂੰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਮੁਤਾਬਕ ਰੇਟ ਨਹੀਂ ਮਿਲ ਰਿਹਾ ਅਤੇ ਸਰਕਾਰ ਨੇ 23 ਫਸਲਾਂ ਉਪਰ ਐਮ.ਐਸ.ਪੀ. ਗਾਰੰਟੀ ਕਾਨੂੰਨ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਡੀਜਲ, ਪੈਟਰੋਲ ਦੀਆਂ ਵੱਧ ਰਹੀਆਂ ਕੀਮਤਾਂ ਤੇ ਮਹਿਗਾਈ ਨੇ ਲੋਕਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਇਨ੍ਹਾਂ ਸਾਰੇ ਮਸਲਿਆਂ ਦੇ ਸਬੰਧ ਵਿੱਚ ਜੱਥੇਬੰਦੀ ਵੱਲੋਂ ਡੀ.ਸੀ ਦਫਤਰਾਂ ਅੱਗੇ 5 ਮਈ ਨੂੰ ਧਰਨੇ ਦਿੱਤੇ ਜਾਣਗੇ। ਇਸ ਤੋ ਇਲਾਵਾ ਕਿਸਾਨਾਂ ਦੀਆਂ ਜਮੀਨਾਂ ਵਿਚੋਂ ਲੰਘ ਰਹੇ ਜੰਮੂ ਕੱਟੜਾ ਨੈਸ਼ਨਲ ਮਾਰਗ ਹੇਠ ਆਈ ਜਮੀਨ ਦੇ ਮੁਆਵਜੇ ਤੇ ਹੋਰ ਮੁਸ਼ਕਲਾਂ, ਹਮੀਰਾਂ ਮਿਲ ਦੁਆਰਾ ਹਵਾ-ਪਾਣੀ ਪ੍ਰਦੂਸ਼ਣ ਸਬੰਧੀ ਵੀ ਵਿਚਾਰ ਚਰਚਾ ਕੀਤੀ ਗਈ। ਇੱਥੇ ਆਏ ਕਿਸਾਨਾਂ ਨੂੰ ਮੈਂਬਰਸਿਪ ਕਾਰਡ ਦਿੱਤੇ ਗਏ। ਇਸ ਮੋਕੇ ਇਸ ਮੌਕੇ ਸੀਨੀ.ਮੀ.ਪ੍ਰਧਾਨ ਨਿਰਮਲ ਸਿੰਘ ਮੰਡ, ਬਲਦੇਵ ਸਿੰਘ ਜੋਨ ਖਜਾਨਚੀ, ਮੀਤ ਪ੍ਰਧਾਨ ਬਲਵਿੰਦਰ ਸਿੰਘ ਬਾਗੜੀਆਂ, ਹਰਬੰਸ ਸਿੰਘ ਘੱਗ, ਗੁਰਵਿੰਦਰ ਸਿੰਘ ਬਾਜਵਾ, ਹਰਜੀਤ ਸਿੰਘ, ਸਰਬਜੀਤ ਸਿੰਘ ਬੱਲ, ਸਤਨਾਮ ਸਿੰਘ ਤਲਵੰਡੀ,ਪਰਮਜੀਤ ਸਿੰਘ ਬਾਮੂਵਾਲ, ਸਵਰਨ ਸਿੰਘ, ਜੋਗਿੰਦਰ ਸਿੰਘ ਸਰਪੰਚ ਘੱਗ, ਦਰਸ਼ਨ ਸਿੰਘ ਹਮੀਰਾਂ, ਜਗੀਰ ਸਿੰਘ ਕੂਕਾ, ਜਰਨੈਲ ਸਿੰਘ ਬਾਗੜੀਆਂ, ਬੂਟਾ ਸਿੰਘ ਬਾਮੂਵਾਲ, ਬੂਹੜ ਸਿੰਘ, ਬਾਬਾ ਗੁਰਦੇਵ ਸਿੰਘ ਪੱਡਾ, ਬਲਕਾਰ ਸਿੰਘ ਲੱਖਣ ਕੇ ਪੱਡਾ, ਗੁਰਬਿੰਦਰ ਸਿੰਘ ਪੱਡਾ, ਸੇਵਾ ਸਿੰਘ, ਜਰਨੈਲ ਸਿੰਘ ਘੱਗ, ਕਮਲਜੀਤ ਸਿੰਘ, ਬੱਗਾ ਸਿੰਘ ਪੰਨੂ, ਜੋਧ ਸਿੰਘ ਭੁੱਲਰ, ਚਿਮਨ ਸਿੰਘ, ਜੋਗਾ ਸਿੰਘ ਵਿਜੋਲਾ, ਨਿਸ਼ਾਨ ਸਿੰਘ ਵਿਜੋਲਾ, ਜਸਪਾਲ ਸਿੰਘ ਸਾਹੀ, ਮਨਜੀਤ ਸਿੰਘ, ਮਲਕੀਤ ਸਿੰਘ ਟਾਂਡੀ, ਬੂਟਾ ਸਿੰਘ ਬਾਮੂਵਾਲ, ਗੁਰਵੀਰ ਸਿੰਘ, ਰਣਜੀਤ ਸਿੰਘ ਤੂਰ, ਲਖਬੀਰ ਸਿੰਘ, ਗੱਗੀ ਹਮੀਰਾਂ, ਲਖਵਿੰਦਰ ਸਿੰਘ ਮੰਡੀ ਰੋਡ,ਮਹਿਦੰਰ ਸਿੰਘ ਬੱਸੀ, ਗੁਰਦਿਆਲ ਸਿੰਘ ਚੀਮਾ, ਸੁਖਦੇਵ ਸਿੰਘ ਬਾਕਰਪੁਰ, ਸ਼ਮਸ਼ੇਰ ਸਿੰਘ ਸ਼ੇਰਾ, ਮੰਗਾ ਮੰਡ ਅਤੇ ਹੋਰ ਵੱਡੀ ਗਿਣਤੀ ਵਿੱਚ ਕਿਸਾਨ ਹਾਜਰ ਸਨ।

# ਪ੍ਰੈੱਸ ਕਲੱਬ ਮਾਛੀਵਾੜਾ ਦੀ ਸਾਲਾਨਾ ਚੋਂਣ ਹੋਈ



**ਮਾਛੀਵਾੜਾ ਸਾਹਿਬ/ਭੂਸ਼ਨ ਬਾਂਸਲ/ਸੁਨੀਲ ਅਗਰਵਾਲ**

ਕੱਲ੍ਹ ਏਥੇ ਪ੍ਰੈੱਸ ਕਲੱਬ ਮਾਛੀਵਾੜਾ ਦੀ ਮੀਟਿੰਗ ਜਥੇਬੰਦੀ ਦੇ ਸਰਪ੍ਰਸਤ ਕੇਵਲ ਸਿੰਘ ਕੱਦੋਂ ਦੀ ਅਗਵਾਈ ਹੇਂਠ ਹੋਈ ਜਿਸ ਵਿੱਚ ਕਲੱਬ ਦੇ ਨਵੇਂ ਮੈਂਬਰਾਂ ਦਾ ਸਵਾਗਤ ਕੀਤਾ ਗਿਆ ਇਸ ਦੌਰਾਨ ਸਰਵ ਸੰਮਤੀ ਨਾਲ ਕਲੱਬ ਦੇ ਅਹੁੱਦੇਦਾਰਾਂ ਦੀ ਸਾਲਾਨਾ ਚੋਂਣ ਕੀਤੀ ਗਈ ਜਿਸ ਵਿੱਚ ਕੇਵਲ ਸਿੰਘ ਕੱਦੋਂ ਤੇ ਸੁਖਵੰਤ ਸਿੰਘ ਗਿੱਲ ਨੂੰ ਸਰਪ੍ਰਸਤ , ਗੁਰਦੀਪ ਸਿੰਘ ਟੱਕਰ ਨੂੰ ਪ ?ਧਾਨ, ਸੰਦੀਪ ਸ਼ਰਮਾ ਨੂੰ ਚੇਅਰਮੈਨ,ਗੋਬਿੰਦ ਕਿਸ਼ੋਰ ਤੇ ਸੁਸ਼ੀਲ ਕੁਮਾਰ ਨੂੰ ਮੀਤ ਪ੍ਰਧਾਨ, ਦੀਪਕ ਕੁਮਾਰ ਨੂੰ ਜਰਨਲ ਸਕੱਤਰ, ਗੁਰਮੁੱਖਦੀਪ ਸਿੰਘ ਨੂੰ ਸਕੱਤਰ ਚੁਣਿਆ ਗਿਆ । ਇਸ ਸਮੇ ਕਰਮਜੀਤ ਸਿੰਘ ਅਜਾਦ, ਬੌਬੀ ਖੋਸਲਾ , ਜਸਵੀਰ ਸਿੰਘ ਰਾਣਾ , ਸ਼ੈਕੀ ਸ਼ਰਮਾ , ਭੂਸ਼ਨ ਜੈਨ , ਖੁਸ਼ਕਰਨ ਕੌਂਸਲ, ਸੁੱਚਾ ਬੰਗੜ , ਦੀਪਕ ਚਾਨਣਾ , ਸੁਖਦੇਵ ਸੁਖੀ ਤੇ ਸੰਨੀ ਕੁਮਾਰ ਨੂੰ ਵੀ ਕਾਰਜਕਾਰਨੀ ਦਾ ਮੈਂਬਰ ਚੁਣਿਆ ਗਿਆ। ਇਸ ਮੌਕੇ ਪੱਤਰਕਾਰ ਭਾਈਚਾਰੇ ਦੇ ਜਿਆਦਾਤਰ ਮੈਬਰਾਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆ ਕਿਹਾ ਕਿ ਉਹ ਨਿਧੱੜਕ ਹੋ ਕੇ ਬਿਨ੍ਹਾ ਕਿਸੇ ਭੇਦਭਾਵ ਤੇ ਦਬਾਓ ਦੇ ਲੋਕਹਿੱਤ @ਚ ਪੱਤਰਕਾਰੀ ਕਰਨ ਅਤੇ ਵੱਧ ਤੋਂ ਵੱਧ ਆਮ ਲੋਕਾਂ ਨਾਲ ਜੁੜੇ ਮਸਲੇ ਜੋਰ ਸ਼ੋਰ ਨਾਲ ਸਰਕਾਰ ਦੇ ਸਨਮੁੱਖ ਪੇਸ਼ ਕਰਨ ਇਲਾਕੇ ਦਾ ਪੱਤਰਕਾਰ ਭਾਈਚਾਰਾ ਵੀ ਚੰਗੇ ਕੰਮ ਕਰਨ ਵਾਲੇ ਲੋਕਾਂ ਦਾ ਪਹਿਲਾਂ ਵਾਂਗ ਹੀ ਸਾਥ ਹਮੇਸ਼ਾ ਦਿੰਦਾ ਰਹੇਗਾ ।

# ਰਾਜਪੁਰਾ ਦੇ ਨੇੜੇ ਪਲਾਂਟ ਦੇ ਅੱਗੇ ਕਾਂਗਰਸ ਦੇ ਸੀਨੀਅਰ ਲੀਡਰਸ਼ਿਪ ਨੇ ਬਿਜਲੀ ਦੇ ਮੁੱਦੇ ਨੂੰ ਲੈ ਕੇ ਪ੍ਰਦੇਸ਼ ਸਰਕਾਰ ਖਿਲਾਫ ਦਿੱਤਾ ਧਰਨਾ

**ਪਟਿਆਲਾ/ਰਾਜਪੁਰਾ/ਇਕਬਾਲ ਸਿੰਘ:** ਹਲਕਾ ਰਾਜਪੁਰਾ ਦੇ ਅਧੀਨ ਪੈਂਦੇ ਸਥਾਨਕ ਨਾਭਾ ਪਾਵਰ ਥਰਮਲ ਦੇ ਨਜ਼ਦੀਕ ਬੀਤੇ ਦਿਨ ਕਾਂਗਰਸੀ ਵਰਕਰਾਂ ਦੇ ਵੱਲੋਂ ਇਕੱਠੇ ਹੋ ਕੇ ਕੀਤਾ ਗਿਆ ਧਰਨਾ ਪ੍ਰਦਰਸ਼ਨ ਵਿਧਾਨ ਸਭਾ ਹਲਕਾ ਦੇ ਰਾਜਪੁਰਾ ਦੇ ਅਧੀਨ ਪੈਂਦੇ ਸਥਾਨਕ ਪਿੰਡ ਨਲਾਸ ਦੇ ਨਜ਼ਦੀਕ ਬਣੇ ਨਾਭਾ ਪਾਵਰ ਥਰਮਲ ਪਲਾਂਟ ਦੇ ਨਜ਼ਦੀਕ ਇਕੱਠੇ ਹੋ ਕੇ ਸਥਾਨਕ ਕਾਂਗਰਸੀਆਂ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਸਮੇਤ ਪੰਜਾਬ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਦੇ ਆਗੂਆਂ ਨੇ ਪਹੁੰਚ ਕੇ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਦੇ ਖਿਲਾਫ ਜੰਮ ਕੇ ਖਿਲਾਫਤ ਕੀਤੀ। ਇਸ ਮੌਕੇ ਕਾਂਗਰਸੀਆਂ ਨੇ ਸਥਾਨਕ ਆਪ ਸਰਕਾਰ ਨੂੰ ਬਿਜਲੀ ਮੁੱਦੇ ਉੱਤੇ ਘੇਰਦਿਆਂ ਕਿਹਾ ਕਿ ਪਹਿਲਾਂ ਸੂਬੇ ਪੰਜਾਬ ਵਿੱਚ ਸੱਤਾ ਤੇ ਕਾਬਜ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਕੀਤੇ ਵਾਅਦਿਆਂ ਉੱਤੇ ਖਰੀ ਉਤਰਦੀ ਨਹੀਂ ਦਿਖਾਈ ਦੇ ਰਹੀ ਇਸ ਤੋ ਇਲਾਵਾ ਸੂਬੇ ਵਿੱਚ ਵਧ ਰਹੀ ਬਿਜਲੀ ਸੰਕਟ ਸੂਬੇ ਦੀ ਜਨਤਾ ਨੂੰ ਵੱਡੇ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿਸ ਦਾ ਉਹ ਵਿਰੋਧ ਕਰਦੇ ਹਨ ਅਤੇ ਪੰਜਾਬ ਦੀ ਜਨਤਾ ਨੂੰ ਨਾਲ ਲੈ ਕੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨਗੇ ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,



# ਕਾਲਜ ਦੀਆ ਵਿਦਿਆਰਥਣਾ ਨੂੰ ਮੁਫਤ ਕਾਨੂੰਨੀ ਸਹਾਇਤਾ ਸਮੇਤ ਵੱਖ ਵੱਖ ਕਾਨੂੰਨੀ ਸਕੀਮਾਂ ਤੋ ਕੀਤਾ ਜਾਗਰੂਕ

**ਗੁਰਦਾਸਪੁਰ/ਨਵਨੀਤ ਕੁਮਾਰ**

ਮੈਡਮ ਨਵਦੀਪ ਕੌਰ ਗਿੱਲ ਸਿਵਲ ਜੱਜ ( ਸੀਨੀਅਰ ਡਵੀਜਨ )/ਸੀ. ਜੇ.-ਕਮ-ਸਕੱਤਰ , ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵੱਲੋ ਮਾਨਯੋਗ ਹਾਈ ਕੋਰਟ ਦੀ ਜੱਜਮੈਂਟ ਲਵਪ੍ਰੀਤ ਸਿੰਘ ਬਨਾਮ ਸਟੇਟ ਆਫ ਪੰਜਾਬ ਦੇ ਸਬੰਧ ਵਿੱਚ ਸਕੱਤਰ , ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਦਫਤਰ ਵਿੱਚ ਆਰ.ਆਰ. ਬਾਵਾ ਕਾਲਜ ਬਟਾਲਾ ਦੀਆਂ ਵਿਦਿਆਰਥਣਾਂ ਨਾਲ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ । ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਮੈਡਮ ਨਵਦੀਪ ਕੌਰ ਗਿੱਲ , ਸਿਵਲ ਜੱਜ ( ਸੀਨੀਅਰ ਡਵੀਜਨ )/ਸੀ.ਜੇ.-ਕਮ-ਸਕੱਤਰ , ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ , ਗੁਰਦਾਸਪੁਰ ਦੁਆਰ ਮਾਨਯੋਗ ਹਾਈ ਕੋਰਟ ਦੀ ਜੱਜਮੈਂਟ ਲਵਪ੍ਰੀਤ ਸਿੰਘ ਬਨਾਮ ਸਟੇਟ ਅਫ ਪੰਜਾਬ ਬਾਰੇ ਜਾਣੂ ਕਰਵਾਇਆ ਗਿਆ ਅਤੇ ਇਸ ਤੋ ਇਲਾਵਾ ਕਾਲਜ ਦੀਆਂ ਵਿਦਿਆਰਥਣਾ ਨੂੰ ਮੁਫਤ ਕਾਨੂੰਨੀ ਸਹਾਇਤਾ , ਨੈਸ਼ਨਲ ਲੋਕ ਅਦਾਲਤਾਂ ਅਤੇ ਇਸ ਦੀ ਮਹੱਤਤਾ , ਮੈਡੀਏਸ਼ਨ ਸੈਟਰ , ਸਥਾਈ ਲੋਕ ਅਦਾਲਤਾਂ , ਨਾਲਸਾ ਦੀਆਂ ਵੱਖ ਵੱਖ ਸਕੀਮਾਂ ਬਾਰੇ , ਵਿਕਟਮ ਕੰਪਨਸੇਸ਼ਨ ਸਕੀਮਾਂ ਅਤੇ ਟੋਲ ਫਰੀ ਨੰਬਰ 1968 ਬਾਰੇ ਜਾਣਕਾਰੀ ਦਿੱਤੀ ਗਈ । ਇਸ ਤੋ ਇਲਾਵਾ ਮੈਡਮ ਨਵਦੀਪ ਕੌਰ ਗਿੱਲ , ਸਕੱਤਰ , ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ , ਗੁਰਦਾਸਪੁਰ ਦੁਆਰਾ ਵਿਦਿਆਰਥਣਾਂ ਨੂੰ ਦੱਸਿਆ ਗਿਆ ਮਿਤੀ 14 ਮਈ 2022 ਨੂੰ ਕੋਰਟ ਕੰਪਲੈਕਸ , ਗੁਰਦਾਸਪੁਰ ਅਤੇ ਬਟਾਲਾ ਵਿਖੇ ਨੈਸ਼ਨਲ ਲੋਕ ਅਦਾਲਤਾ ਲਗਾਈ ਜਾ ਰਹੀ ਹੈ ਅਤੇ ਲੋਕ ਅਦਾਲਤ ਦਾ ਫੈਸਲਾ ਅੰਤਮ ਫੈਸਲਾ ਹੁੰਦਾ ਹੈ ਅਤੇ ਅਦਾਲਤ ਦੀ ਫੀਸ ਵੀ ਵਾਪਿਸ ਕਰ ਦਿੱਤੀ ਜਾਂਦੀ ਹੈ , ਇਸ ਨਾਲ ਲੋਕਾਂ ਨੂੰ ਆਸਾਨੀ ਨਾਲ ਸਸਤਾ ਨਿਆ ਮਿਲ ਸਕਦਾ ਹੈ ।

# ਸ਼ਹਿਰਵਾਸੀ ਹੁਣ 'ਡੋਨੇਸ਼ਨ ਕਾਰਨਰ' 'ਤੇ ਲੋੜਵੰਦ ਬੱਚਿਆਂ ਲਈ ਸਟੇਸ਼ਨਰੀ ਤੇ ਖਿਡੌਣੇ ਦਾਨ ਕਰ ਸਕਦੇ ਹਨ



**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

@ਵੇਸਟ ਵੈਲਥ - ਗਿਵ ਐਂਡ ਟੇਕ@ ਦੇ ਸਲੋਗਨ ਹੇਠ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਇੱਕ ਨਿਵੇਕਲੀ ਪਹਿਲਕਦਮੀ ਸ਼ੁਰੂ ਕੀਤੀ ਹੈ, ਜਿਸਦੇ ਤਹਿਤ ਸਥਾਨਕ ਦਫ਼ਤਰ ਡਿਪਟੀ ਕਮਿਸ਼ਨਰ ਦੇ ਦਰਵਾਜ਼ੇ ਦੇ ਨਾਲ ਇੱਕ @ਡੋਨੇਸ਼ਨ ਕਾਰਨਰ@ ਸਥਾਪਤ ਕੀਤਾ ਗਿਆ ਹੈ। ਇਸ ਡੋਨੇਸ਼ਨ ਕਾਰਨਰ ਵਿੱਚ, ਸ਼ਹਿਰਵਾਸੀ ਹੁਣ ਬੱਚਿਆਂ ਲਈ ਸਟੇਸ਼ਨਰੀ ਅਤੇ ਖਿਡੌਣੇ ਦਾਨ ਕਰ ਸਕਦੇ ਹਨ, ਜੋ ਅੱਗੇ ਲੋੜਵੰਦ ਬੱਚਿਆਂ ਨੂੰ ਵੰਡੇ ਜਾਣਗੇ। ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ ਨੇ ਅੱਜ ਜ਼ਿਲ੍ਹਾ ਪ੍ਰਸ਼ਾਸ਼ਕੀ ਕੰਪਲੈਕਸ ਵਿਖੇ 'ਸਟੇਸ਼ਨਰੀ ਏ.ਟੀ.ਐਮ@ ਅਤੇ @ਖਿਡੌਣਿਆਂ ਵਾਲਾ ਬੈਂਕ@ ਵਾਲੇ ਡੋਨੇਸ਼ਨ ਕਾਰਨਰ@ ਦਾ ਉਦਘਾਟਨ ਕੀਤਾ। ਉਨ੍ਹਾਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਅਮਿਤ ਕੁਮਾਰ ਪੰਚਾਲ ਅਤੇ ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਨੇਪਰੇ ਚਾੜ੍ਹੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਮਲਿਕ ਨੇ ਕਿਹਾ ਕਿ @ਸਟੇਸ਼ਨਰੀ ਏ.ਟੀ.ਐਮ@ ਝੁੱਗੀ-ਝੌਂਪੜੀ ਵਿੱਚ ਰਹਿੰਦਿਆਂ ਬੱਚਿਆਂ, ਅਨਾਥ ਆਸ਼ਰਮਾਂ ਵਿੱਚ ਰਹਿਣ ਵਾਲੇ ਅਤੇ ਲੋੜਵੰਦ ਬੱਚਿਆਂ ਦੀਆਂ ਲੋੜਾਂ ਨੂੰ ਪੂਰਾ ਕਰੇਗਾ। ਉਨ੍ਹਾਂ ਕਿਹਾ ਕਿ ਸ਼ਹਿਰਵਾਸੀ ਨਵੀਂ/ਪੁਰਾਣੀ ਸਟੇਸ਼ਨਰੀ ਵਾਲੀਆਂ ਵਸਤਾਂ ਜਿਵੇਂ ਕਿ ਪੈਨਸਿਲ, ਸ਼ਾਰਪਨਰ, ਇਰੇਜ਼ਰ, ਪੈਨ, ਰੰਗ, ਨੋਟਬੁੱਕ, ਰਜਿਸਟਰ, ਖਾਲੀ ਕਾਗਜ਼, ਬੱਚਿਆਂ ਦੀਆਂ ਕਿਤਾਬਾਂ ਆਦਿ ਦਾਨ ਕਰ ਸਕਦੇ ਹਨ। @ਸਟੇਸ਼ਨਰੀ ਏ.ਟੀ.ਐਮ. ਜ਼ਿਲ੍ਹਾ ਪ੍ਰਸ਼ਾਸਨ ਨੂੰ ਘਰਾਂ ਅਤੇ ਦਫ਼ਤਰਾਂ ਵਿੱਚ ਵਰਤੀਆਂ ਜਾਣ ਵਾਲੀਆਂ ਵਸਤੂਆਂ ਨੂੰ ਲੋੜਵੰਦਾਂ ਤੱਕ ਪਹੁੰਚਾਉਣ ਵਿੱਚ ਸਹਾਈ ਸਿੱਧ ਹੋਵੇਗਾ। ਹੁਨਰ ਹੱਟ ਲੁਧਿਆਣਾ ਵੱਲੋਂ ਇਹ ਸਾਰੀਆਂ ਵਸਤਾਂ ਇਕੱਠੀਆਂ ਕਰਕੇ ਸਾਫ਼ ਕੀਤੀਆਂ ਜਾਣਗੀਆਂ ਅਤੇ ਅੱਗੇ ਝੁੱਗੀ-ਝੌਂਪੜੀ ਵਿੱਚ ਰਹਿੰਦਿਆਂ ਬੱਚਿਆਂ, ਅਨਾਥ ਆਸ਼ਰਮਾਂ, ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਗਰੀਬ ਬੱਚਿਆਂ ਆਦਿ ਨੂੰ ਦਾਨ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ @ਖਿਡੌਣਿਆਂ ਵਾਲਾ ਬੈਂਕ@ ਨਿਵਾਸੀਆਂ ਨੂੰ ਆਪਣੇ ਬੱਚਿਆਂ ਜਾਂ ਪੋਤੇ-ਪੋਤੀਆਂ ਦੇ ਖਿਡੌਣੇ ਦਾਨ ਕਰਨ ਦੀ ਸਹੂਲਤ ਪ੍ਰਦਾਨ ਕਰੇਗਾ ਜੋ ਹੁਨਰ ਹੱਟ ਵੱਲੋਂ ਮੁਰੰਮਤ ਤੋਂ ਬਾਅਦ ਅੱਗੇ ਆਂਗਨਵਾੜੀ, ਝੁੱਗੀ-ਝੌਂਪੜੀ ਵਿੱਚ ਰਹਿੰਦਿਆਂ ਬੱਚਿਆਂ, ਅਨਾਥ ਆਸ਼ਰਮਾਂ ਦੇ ਬੱਚਿਆਂ ਅਤੇ ਹੋਰ ਲੋੜਵੰਦ ਬੱਚਿਆਂ ਨੂੰ ਦਾਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੋੜਵੰਦ ਮਾਪੇ, ਦੇਖਭਾਲ ਕਰਨ ਵਾਲੇ ਆਦਿ ਵੀ ਲੋੜ ਪੈਣ @ਤੇ ਇਹ ਖਿਡੌਣੇ ਲੈ ਸਕਦੇ ਹਨ, ਪਰ ਮਾਪਿਆਂ ਨੂੰ ਆਪਣੇ ਬੱਚਿਆਂ ਦੇ ਨਾਲ ਆਉਣਾ ਲਾਜ਼ਮੀ ਹੋਵੇਗਾ. ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਰਾਸ਼ਟਰ ਨਿਰਮਾਣ ਵਿੱਚ ਵਸਨੀਕਾਂ ਨੂੰ ਸ਼ਾਮਲ ਕਰਨਾ ਅਤੇ ਲੋੜਵੰਦਾਂ ਦੀ ਮਦਦ ਕਰਨਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਅਜਿਹੇ ਹੋਰ ਉਪਰਾਲੇ ਵੀ ਸ਼ੁਰੂ ਕੀਤੇ ਜਾਣਗੇ।ਸ੍ਰੀ ਅਮਿਤ ਕੁਮਾਰ ਪੰਚਾਲ ਅਤੇ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਅਜਿਹੇ ਹੋਰ ਦਾਨ ਕਾਰਨਰ ਜ਼ਿਲ੍ਹੇ ਦੇ ਹੋਰਨਾਂ ਹਿੱਸਿਆਂ ਵਿੱਚ ਵੀ ਸ਼ੁਰੂ ਕੀਤੇ ਜਾਣਗੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰਾਹੁਲ ਚਾਬਾ, ਸਹਾਇਕ ਕਮਿਸ਼ਨਰ (ਜਨਰਲ) ਸ. ਗੁਰਬੀਰ ਸਿੰਘ ਕੋਹਲੀ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# 27 ਅਪ੍ਰੈਲ ਨੂੰ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ

**ਅੰਮ੍ਰਿਤਸਰ/ਰਾਜਾ ਕੋਟਲੀ :-**

ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਘਰ-ਘਰ ਰੋਜ਼ਗਾਰ ਅਤੇ ਕਾਰੋਬਾਰ ਮਿਸ਼ਨ ਤਹਿਤ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵਿਖੇ 27 ਅਪ੍ਰੈਲ 2022 ਨੂੰ ਰੋਜ਼ਗਾਰ ਬਿਊਰੋ ਵਿਚ ਪਲੇਸਮੈਂਟ ਕੈਂਪ ਲਗਾਇਆ ਜਾਵੇਗਾ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਰਣਬੀਰ ਸਿੰਘ ਮੂਧਲ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਅੰਮ੍ਰਿਤਸਰ ਜਿਲੇ ਦੀਆਂ ਮਸ਼ਹੂਰ



ਕੰਪਨੀਆਂ ਜਿਵੇਂ ਕਿ ਐਕਸਿਸ ਬੈਂਕ, ਐੱਸ.ਬੀ.ਆਈ ਲਾਇਫ਼ ਇੰਸੋਰੈਂਸ, ਡੀ ਮਾਰਟ,ਕਾਮਨ ਸਰਵਿਸ ਸੈਂਟਰ, ਅਤੇ ਦਾ ਆਈਬੈਕਸ ਵਰਲਰ ਵੱਲੋਂ ਭਾਗ ਲਿਆ ਜਾਵੇਗਾ। ਇਸ ਕੈਂਪ ਵਿੱਚ ਭਾਗ ਲੈਣ ਵਾਲੇ ਉਮੀਦਵਾਰਾਂ ਲਈ ਵਿੱਦਿਅਕ ਯੋਗਤਾ ਬਾਰ੍ਹਵੀਂ ਤੋਂ ਲੈ ਕੇ ਪੋਸਟ ਗਰੈਜੂਏਟ ਹੋਵੇਗੀ।ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਵਾਲੇ ਚਾਹਵਾਨ ਪ੍ਰਾਰਥੀ ਸਵੇਰੇ 10.00 ਵਜੇ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਨੇੜੇ ਜਿਲ੍ਹਾ ਕਚਹਿਰੀਆਂ,ਅੰਮ੍ਰਿਤਸਰ ਵਿਖੇ ਪਹੁੰਚ ਸਕਦੇ ਹਨ।ਇਸ ਸਬੰਧੀ ਵਧੇਰੇ ਜਾਣਕਾਰੀ ਲਈ ਪ੍ਰਾਰਥੀ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਦੇ ਹੈਲਪਲਾਈਨ ਨੰ: 9915789068 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਵਿਧਾਇਕ ਸ਼ੈਰੀ ਕਲਸੀ ਤੇ ਬਲਬੀਰ ਪੰਨੂ ਨੇ ਬਟਾਲਾ ਦਾਨਾ ਮੰਡੀ 'ਚ ਕਣਕ ਦੀ ਖਰੀਦ ਦਾ ਜਾਇਜਾ ਲਿਆ

**ਬਟਾਲਾ/ਸੁਖਨਾਮ ਸਿੰਘ**

ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਨੇ ਅੱਜ ਜ਼ਿਲ੍ਹਾ ਗੁਰਦਾਸਪੁਰ ਦੀ ਸਭ ਤੋਂ ਵੱਡੀ ਅਨਾਜ ਮੰਡੀ ਬਟਾਲਾ ਦਾ ਦੌਰਾ ਕੀਤਾ ਅਤੇ ਕਣਕ ਦੀ ਚੱਲ ਰਹੀ ਖਰੀਦ ਦਾ ਜਾਇਜਾ ਲਿਆ। ਇਸ ਮੌਕੇ ਉਨ੍ਹਾਂ ਨਾਲ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਹਲਕਾ ਫਤਹਿਗੜ੍ਹ ਚੂੜੀਆਂ ਦੇ ਸੀਨੀਅਰ ਆਗੂ ਸ. ਬਲਬੀਰ ਸਿੰਘ ਪੰਨੂ, ਸੈਕਟਰੀ ਮਾਰਕਿਟ ਕਮੇਟੀ ਬਟਾਲਾ ਬਿਕਰਮਜੀਤ ਸਿੰਘ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਮੌਜੂਦ ਸਨ। ਕਣਕ ਦੀ ਖਰੀਦ ਦਾ ਜਾਇਜਾ ਲੈਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਖਰੀਦਣ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ



ਪੇਸ਼ ਨਹੀਂ ਆਉਣ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਸਰਕਾਰ ਦੇ ਪ੍ਰਬੰਧਾਂ ਸਦਕਾ ਸਾਰੀਆਂ ਹੀ ਮੰਡੀਆਂ ਵਿੱਚ ਖਰੀਦ ਵਧੀਆ ਢੰਗ ਨਾਲ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਕਮੀਂ ਨਹੀਂ ਹੈ ਅਤੇ ਲਿਫਟਿੰਗ ਵੀ ਨਾਲ ਦੀ ਨਾਲ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲ ਦੀ ਅਦਾਇਗੀ ਨਿਰਧਾਰਤ ਸਮੇਂ ਅੰਦਰ ਹੋ ਰਹੀ ਹੈ ਅਤੇ ਕਿਸਾਨਾਂ ਦੇ ਚਿਹਰੇ ਉੱਪਰ ਰੌਣਕ ਦੇਖੀ ਜਾ ਸਕਦੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ 25 ਅਪ੍ਰੈਲ ਤੱਕ ਸੂਬੇ ਭਰ ਦੀਆਂ ਮੰਡੀਆਂ ਵਿੱਚ 88 ਲੱਖ ਮੀਟ੍ਰਿਕ ਟਨ ਕਣਕ ਦੀ ਫਸਲ ਖਰੀਦੀ ਜਾ ਚੁੱਕੀ ਹੈ ਜਿਸ ਵਿੱਚੋਂ 83 ਲੱਖ ਮੀਟ੍ਰਿਕ ਟਨ ਸਰਕਾਰੀ ਖਰੀਦ ਏਜੰਸੀਆਂ ਅਤੇ 5 ਲੱਖ ਮੀਟ੍ਰਿਕ ਟਨ ਪ੍ਰਾਈਵੇਟ ਖਰੀਦ ਏਜੰਸੀਆਂ ਨੇ ਖਰੀਦੀ ਹੈ। ਪੱਤਰਕਾਰਾਂ ਦੇ ਸੁਆਲ ਦਾ ਜੁਆਬ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਡਾਇਆ ਦੀ ਕੀਮਤ ਵਿੱਚ ਵਾਧਾ ਕਰਨਾ ਮੰਦਭਾਗੀ ਗੱਲ ਹੈ ਅਤੇ ਇਸ ਨਾਲ ਕਿਸਾਨੀ 'ਤੇ ਵੱਡਾ ਬੋਝ ਪਵੇਗਾ। ਉਨ੍ਹਾਂ ਕਿਹਾ ਕਿ ਆਰਥਿਕ ਮੰਦਹਾਲੀ ਦੀ ਮਾਰ ਝੱਲ ਰਹੀ ਕਿਸਾਨੀ ਨੂੰ ਸਗੋਂ ਕੇਂਦਰ ਸਰਕਾਰ ਵੱਲੋਂ ਰਾਹਤ ਦਿੱਤੀ ਜਾਣੀ ਚਾਹੀਦੀ ਹੈ। ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੀ ਧਰਤੀ ਤੋਂ ਪੰਜਾਬ ਦੀ ਸੇਵਾ ਦਾ ਅਹਿਦ ਲਿਆ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ ਇਕ ਮਹੀਨੇ ਵਿੱਚ ਹੀ ਲੋਕ ਹਿੱਤ ਦੇ ਵੱਡੇ ਫੈਸਲੇ ਕਰਕੇ ਅਵਾਮ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਬਿਜਲੀ ਬਿਲਾਂ 'ਚ ਮਹੀਨੇ ਦੀ 300 ਯੂਨਿਟ ਮੁਆਫ਼ੀ, ਬੇਰੁਜ਼ਗਾਰਾਂ ਨੂੰ ਨੌਕਰੀਆਂ ਦੇਣੀਆਂ, ਭ੍ਰਿਸ਼ਟਾਚਾਰ ਨੂੰ ਨੱਥ ਪਾਉਣੀ, ਸਿਹਤ ਸੇਵਾਵਾਂ ਦੇ ਸੁਧਾਰ ਲਈ ਚੁੱਕੇ ਕਦਮਾਂ ਦਾ ਆਮ ਲੋਕਾਂ ਵੱਲੋਂ ਭਰਪੂਰ ਸਵਾਗਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਪੰਜਾਬ ਸਰਕਾਰ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ। ਇਸ ਮੌਕੇ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਸ਼ੈਰੀ ਕਲਸੀ ਨੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਦਾ ਬਟਾਲਾ ਵਿਖੇ ਆਉਣ 'ਤੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਸ ਵਾਰ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ ਹੈ ਅਤੇ ਮੰਡੀਆਂ ਵਿੱਚ ਕੀਤੇ ਪ੍ਰਬੰਧਾਂ ਤੋਂ ਕਿਸਾਨ ਖੁਸ਼ ਹਨ।

ਇਸ ਮੌਕੇ ਮਾਸਟਰ ਬਲਜੀਤ ਸਿੰਘ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਅਮਰੀਕ ਸਿੰਘ ਬਾਲੇਵਾਲ, ਗੁਰਪਾਲ ਸਿੰਘ, ਮਨਜੀਤ ਸਿੰਘ ਰੰਧਾਵਾ, ਜਰਨੈਲ ਸਿੰਘ, ਗਗਨਦੀਪ ਸਿੰਘ ਪੰਨੂ, ਤਰੁਣ ਕਲਸੀ, ਅਮ੍ਰਿਤਪਾਲ ਕਲਸੀ, ਸੁਖਦੇਵ ਸਿੰਘ, ਵੀਰਮ ਸਿੰਘ ਵੋਹਰਾ, ਲਵਲੀ ਕੁਮਾਰ, ਹਰਬੰਸ ਸਿੰਘ ਚੈਨੇਵਾਲ, ਕੰਵਲਜੀਤ ਸਿੰਘ ਸ਼ਾਹ, ਹਰਦੇਵ ਸਿੰਘ ਕਾਲਾ ਨੰਗਲ, ਐਡਵੋਕੇਟ ਭਰਤ ਅਗਰਵਾਲ, ਉਪਦੇਸ਼ ਕੁਮਾਰ, ਮਾਣਕ ਮਹਿਤਾ ਤੇ ਹੋਰ ਮੋਹਤਬਰ ਵੀ ਹਾਜ਼ਰ ਸਨ।

# ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਵਿੱਚ ਲਗਾਇਆ ਗਿਆ ਸਿਹਤ ਮੇਲਾ



## ਸਿਹਤ ਸੇਵਾਵਾਂ ਵਿੱਚ ਸੁਧਾਰ ਕਰਨਾ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਏਜੰਡਾ - ਵਿਧਾਇਕ ਸ਼ੈਰੀ ਕਲਸੀ

**ਬਟਾਲਾ/ਸੁਖਨਾਮ ਸਿੰਘ**

ਪੰਜਾਬ ਸਰਕਾਰ ਦੀਆਂ ਹਦਾਇਤਾਂ ’ਤੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਅੱਜ ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਵਿਖੇ ਅੰਮ੍ਰਿਤ ਮਹਾਂ ਉਤਸਵ ਸਿਹਤ ਮੇਲਾ-2022 ਅਤੇ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਸਿਹਤ ਮੇਲੇ ਦੌਰਾਨ ਸਿਵਲ ਹਸਤਪਤਾਲ ਬਟਾਲਾ ਦੇ ਐਲੋਪੈਥਿਕ ਵਿਭਾਗ, ਹੋਮਿਓਪੈਥਿਕ ਵਿਭਾਗ, ਆਯੂਰਵੈਦਿਕ ਅਤੇ ਡੈਂਟਲ ਵਿਭਾਗ ਦੇ ਮਾਹਿਰ ਡਾਕਟਰ ਨੇ ਮਰੀਜ਼ਾਂ ਦਾ ਮੁਆਇਨਾ ਕੀਤਾ। ਇਸ ਤੋਂ ਇਲਾਵਾ ਟੀ.ਬੀ. ਅਤੇ ਛਾਤੀ ਦੇ ਰੋਗਾਂ ਦੀ ਜਾਣਕਾਰੀ, ਹੈਪਾਟਾਇਟਿਸ ਬੀ ਅਤੇ ਸੀ ਦੀ ਜਾਣਕਾਰੀ, ਨਸ਼ਾ ਛੁਡਾਉਣ ਸਬੰਧੀ ਜਾਣਕਾਰੀ, ਬੀਪੀ ਅਤੇ ਸ਼ੂਗਰ ਰੋਗਾਂ ਤੋਂ ਬਚਣ ਲਈ ਜਾਣਕਾਰੀ ਵੀ ਸਾਂਝੀ ਕੀਤੀ ਗਈ। ਸਿਹਤ ਮੇਲੇ ਦੌਰਾਨ ਕੋਵਿਡ-19 ਦਾ ਟੀਕਾਕਰਨ ਵੀ ਕੀਤਾ ਗਿਆ। ਸਿਹਤ ਮੇਲੇ ਦੌਰਾਨ ਆਯੂਸ਼ਮਾਨ ਸਿਹਤ ਬੀਮਾ ਯੋਜਨਾ ਦੇ ਕਾਰਡ ਅਤੇ ਵਿਕਲਾਂਗ ਸਰਟੀਫਿਕੇਟ ਬਣਾਏ ਗਏ। ਅੱਖਾਂ ਦਾ ਮੁਫ਼ਤ ਚੈੱਕ-ਅੱਪ ਕੀਤਾ ਗਿਆ ਅਤੇ ਵੱਖ-ਵੱਖ ਬਿਮਾਰੀਆਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਗਈਆਂ।

ਸਿਹਤ ਮੇਲੇ ਦੌਰਾਨ ਹਲਕਾ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿਹਤ ਸੇਵਾਵਾਂ ਵਿੱਚ ਸੁਧਾਰ ਕਰਨਾ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਏਜੰਡਾ ਹੈ ਅਤੇ ਹੁਣ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਰੀਜ਼ਾਂ ਨੂੰ ਮਿਆਰੀ ਸਿਹਤ ਸੇਵਾਵਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਓਦੋਂ ਤੋਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਇਲਾਜ਼ ਕਰਵਾਉਣ ਵਾਲੇ ਮਰੀਜ਼ਾਂ ਦੀ ਗਿਣਤੀ ਵੱਧ ਗਈ ਹੈ। ਉਨ੍ਹਾਂ ਡਾਕਟਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸੇਵਾ ਭਾਵਨਾ ਨਾਲ ਮਰੀਜ਼ਾਂ ਦਾ ਇਲਾਜ ਕਰਨ ਅਤੇ ਆਪਣੀ ਡਾਕਟਰੀ ਪੇਸ਼ੇ ਦੀਆਂ ਮਾਣਯੋਗ ਰਵਾਇਤਾਂ ਨੂੰ ਕਾਇਮ ਰੱਖਣ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਲਾਕ ਪੱਧਰ ’ਤੇ ਵਿਸ਼ੇਸ਼ ਸਿਹਤ ਮੇਲੇ ਲਗਾਏ ਜਾ ਰਹੇ ਹਨ ਜਿਨ੍ਹਾਂ ਦਾ ਆਮ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਇਸ ਮੌਕੇ ਵਿਧਾਇਕ ਸ੍ਰੀ ਸ਼ੈਰੀ ਕਲਸੀ ਨੇ ਸਿਹਤ ਵਿਭਾਗ ਵਿੱਚ ਵਧੀਆ ਸੇਵਾਵਾਂ ਨਿਭਾਉਣ ਵਾਲੇ ਡਾਕਟਰਾਂ ਅਤੇ ਪੈਰਾ ਮੈਡੀਕਲ ਸਟਾਫ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ।

ਇਸ ਦੌਰਾਨ ਡਾ. ਪ੍ਰਭਜੋਤ ਕੌਰ ਕਲਸੀ ਨੇ ਮਲੇਰੀਏ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਕੀਤੇ ਜਾ ਰਹੇ ਯਤਨਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ। ਡਾ. ਭੱਲਾ ਨੇ ਸਿਵਲ ਹਸਪਤਾਲ ਦੀ ਬਿਹਤਰੀ ਲਈ ਵਿਧਾਇਕ ਕਲਸੀ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਸਹਾਇਕ ਸਿਵਲ ਸਰਜਨ ਗੁਰਦਾਸਪੁਰ, ਸਾਬਕਾ ਡਿਪਟੀ ਡਾਇਰੈਕਟਰ ਸਿਹਤ ਵਿਭਾਗ ਡਾ. ਸੰਜੀਵ ਭੱਲਾ, ਡਾ. ਪ੍ਰਭਜੋਤ ਕੌਰ ਕਲਸੀ, ਡਾਕਟਰ ਹਰਪਾਲ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਰਵਿੰਦਰ ਸਿੰਘ ਮਠਾਰੂ, ਸਾਬਕਾ ਪ੍ਰਿੰਸੀਪਲ ਤਿਲਕ ਰਾਜ, ਰਜਿੰਦਰ ਜੰਬਾ, ਰਾਕੇਸ਼ ਮਹਿਤਾ, ਉਪਦੇਸ਼ ਕੁਮਾਰ, ਨਛੱਤਰ ਸਿੰਘ ਕੰਗ ਵਿੱਲਾ, ਨੀਰਜ ਕਾਂਸਰਾ, ਡਾ. ਸੁਰਜਨ ਸਿੰਘ ਤੋਂ ਇਲਾਵਾ ਹੋਰ ਵੀ ਪਤਵੰਤੇ ਸ਼ਹਿਰੀ ਹਾਜ਼ਰ ਸਨ

# ਕੁਦਰਤੀ ਸੋਮਿਆਂ ਦੀ ਕਦਰ ਕਰੋ - ਢੋਟ

## ਸਪਰੇ ਘੱਟ ਤੇ ਮੁਨਾਫਾ ਜ਼ਿਆਦਾ ਦੇ ਫਾਰਮੂਲੇ ਤੇ ਅਮਲ ਕਰਨ ਦੀ ਕੀਤੀ ਅਪੀਲ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਸਪਰੇਅ ਘੱਟ ਤੇ ਮੁਨਾਫਾ ਜ਼ਿਆਦਾ ÷ , ਦੇਖਣ ਜਾਂ ਸੁਣਨ ਨੂੰ ਇਹ ਲਫਜ਼ ਔਖਾ ਜਿਹਾ ਲੱਗਦਾ ਹੈ ਪਰ ਪਿੰਡ ਮਾਲੋਵਾਲ ਦੇ ਸਫ਼ਲ ਕਿਸਾਨ ਵਰਿੰਦਰਜੀਤ ਸਿੰਘ ਢੋਟ ਨੇ ਆਪਣੀ ਮੋਟਰ ਤੇ ਬਹੁਤ ਹੀ ਘੱਟ ਸਪਰੇਆਂ ਤੇ ਦੇਸੀ ਰੂੜੀ ਨਾਲ ਤਿਆਰ ਕੀਤੀਆਂ ਗਈਆਂ ਸਬਜ਼ੀਆਂ ਤੇ ਫਲਾਂ ਬਾਰੇ ਜਾਣਕਾਰੀ ਦੇਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ । ਢੋਟ ਨੇ ਦੱਸਿਆ ਕਿ ਓਹਨਾਂ ਨੇ ਬਤਾਊਂ, ਘੀਆ ਤੋਰੀ, ਕੱਦੂ, ਕਰੇਲਾ, ਖੀਰਾ, ਤਰ, ਆਦਿ ਸਬਜ਼ੀਆਂ ਦੀ ਕਾਸ਼ਤ ਕੀਤੀ ਹੈ ਤੇ ਇਹਨਾਂ ਸਬਜ਼ੀਆਂ ਦੀ ਬਗੀਚੀ ਵਿੱਚ ਫਿਰ ਕੇ ਮਨ ਬਾਗੋ ਬਾਗ ਹੋ ਜਾਂਦਾ ਹੈ ਤੇ ਉਥੇ ਨਾਲ ਹੀ ਇਸ ਬਗੀਚੀ ਵਿੱਚ ਸੈਰ ਕਰਨ ਕੁਝ ਵੱਖਰਾ ਹੀ ਨਜ਼ਾਰਾ ਦੇਖਣ ਨੂੰ ਮਿਲਦਾ ਹੈ। ਉਹਨਾਂ ਦਾ ਕਹਿਣਾ ਹੈ ਕਿ ਹੈ ਕੇ ਅੱਜ ਦੇ ਤੇਜ਼ ਤਰਾਰ ਯੁੱਗ ਵਿੱਚ ਅਸੀਂ ਮਨਾਫੇ ਦੇ ਚੱਕਰ ਵਿੱਚ ਆਪਣੀ ਜ਼ਿੰਦਗੀ ਜਿਊਣਾ ਭੁੱਲ ਗਏ ਹਾਂ ਤੇ ਆਪਣੇ ਖੇਤਾਂ ਵਿੱਚ ਧੜਾ ਧੜ ਖਾਂਦਾ ਤੇ ਸਪਰੇਆਂ ਕਰਕੇ ਆਪਣੀ ਜ਼ਿੰਦਗੀ ਲਈ ਆਪ ਹੀ ਖਤਰਾ ਬਣੇ ਹੋਏ ਹਾਂ ਤੇ ਜ਼ਹਿਰੀਲੇ ਰਸਾਇਣਾਂ ਦੀ ਵਰਤੋਂ ਕਰਕੇ ਆਪਣੇ ਆਪ ਨੂੰ ਬਿਮਾਰੀਆਂ ਦੇ ਹਵਾਲੇ ਕਰ ਰਹੇ ਹਾਂ । ਵਰਿੰਦਰਜੀਤ ਢੋਟ ਨੇ ਕਿਹਾ ਕਿ ਸਾਨੂੰ ਆਪਣੀ ਜ਼ਿੰਦਗੀ ਦੀ ਹੋਂਦ ਨੂੰ ਬਚਾਉਣ ਲਈ ਜਿਥੇ ਕੀਟਨਾਸ਼ਕ ਦਵਾਈਆਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਉਥੇ ਨਾਲ - ਨਾਲ ਸਾਨੂੰ ਕੁਦਰਤੀ ਸੋਮਿਆਂ ਜਿੰਨਾ ਵਿੱਚ ਬਿਜਲੀ, ਪਾਣੀ, ਗੈਸ, ਡੀਜ਼ਲ, ਪੈਟਰੋਲ ਆਦਿ ਦੀ ਵਰਤੋਂ ਬਹੁਤ ਹੀ ਸੰਜ਼ਮ ਨਾਲ ਕਰਨੀ ਚਾਹੀਦੀ ਹੈ ਤਾਂ ਕਿ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਝ ਛੱਡ ਸਕੀਏ ਪਰ ਦੇ ਅਸੀਂ ਆਪਣੀਆਂ ਆਦਤਾਂ ਨੂੰ ਨਾ ਬਦਲਿਆ ਤਾਂ ਸਾਨੂੰ ਆਉਣ ਵਾਲੀਆਂ ਨਸਲਾਂ ਕਦੀ ਵੀ ਮੁਆਫ਼ ਨਹੀਂ ਕਰਨਗੀਆਂ । ਉਹਨਾਂ ਕਿਹਾ ਕਿ ਸਾਨੂੰ ਆਪਣੀ ਜ਼ਿੰਦਗੀ ਵਿੱਚ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਤਾਂ ਕਿ ਕੁਦਰਤ ਦੀ ਸਭ ਤੋਂ ਅਮੁੱਲੀ ਦਾਤ ਆਕਸੀਜਨ ਦੀ ਘਟ ਰਹੀ ਮਾਤਰਾ ਨੂੰ ਬਰਕਰਾਰ ਰੱਖਿਆ ਜਾ ਸਕੇ । ਉਹਨਾਂ ਕਿਹਾ ਕਿ ਸਾਡੇ ਦੇਸ਼ ਵਿੱਚ ਜੰਗਲਾਂ ਦਾ ਰਕਬਾ ਸਿਰਫ ਸਿਰਫ ਤੇ ਸਿਰਫ ਤਕਰੀਬਨ 4 - 5 % ਹੈ ਪਰ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਇਹ ਰਕਬਾ ਤਕਰੀਬਨ 33 % ਜਾਂ ਇਸ ਤੋਂ ਜ਼ਿਆਦਾ ਹੋਣਾ ਚਾਹੀਦਾ ਹੈ ਤੇ ਏਡਾ ਵੱਡਾ ਗ਼ਾਇਬ ਦਿਮਾਗ ਨੂੰ ਹਲੂਣਾ ਦਿੰਦਾ ਹੈ ਕਿ ਅਸੀਂ ਕੀ ਕਰ ਰਹੇ ਹਾਂ ??। ਉਹਨਾਂ ਕਿਹਾ ਕੇ ਅਸੀਂ ਜਾਂ ਸਾਡੀਆਂ ਸਰਕਾਰਾਂ ਅਜੇ ਵੀ ਦਰਖਤਾਂ ਦੀ ਧੜਾ ਧੜ ਕਟਾਈ ਕਰ ਰਹੇ ਹਾਂ ਜੋ ਇੱਕ ਬਹੁਤ ਹੀ ਵੱਡੀ ਚਿੰਤਾ ਦਾ ਵਿਸ਼ਾ ਹੈ ।

# ਧਰਮਕੋਟ ਸ਼ਹਿਰ ਦੇ ਲਾਗਲੇ ਖੇਤਾਂ ਵਿਚੋਂ ਮਿਲਿਆ ਹੈਂਡ ਗਰਨੇਡ ਇਲਾਕੇ ’ਚ ਫੈਲੀ ਸਨਸਨੀ






**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਧਰਮਕੋਟ ਸ਼ਹਿਰ ਦੇ ਕੋਟ ਈਸੇ ਖਾਂ ਰੋਡ ਤੇ ਪੈਂਦੇ ਨੂਰਪੁਰ ਹਕੀਮਾਂ ਪਿੰਡ ਦੇ ਨੇੜਲੇ ਜਸਵਿੰਦਰ ਸਿੰਘ ਦੇ ਖੇਤਾਂ ਵਿੱਚ ਸ਼ਾਮ 6 ਤੋਂ 7 ਵਜੇ ਦੇ ਕਰੀਬ ਕੰਮ ਕਰਦੇ ਦੌਰਾਨ ਬੰਬ ਨੁਮਾ ਚੀਜ਼ ਮਿਲੀ। ਜਿਸ ਦੀ ਇਤਲਾਹ ਥਾਣਾ ਪੁਲਿਸ ਧਰਮਕੋਟ ਨੂੰ ਦਿੱਤੀ। ਸੂਚਨਾ ਮਿਲਦੇ ਸਾਰ ਹੀ ਡੀ ਐਸ ਪੀ ਮਨਜੀਤ ਸਿੰਘ ਅਤੇ ਥਾਣਾ ਧਰਮਕੋਟ ਐਸ ਐਚ ਓ ਜਸਵਰਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ ਤੇ ਪਹੁੰਚ ਕੇ ਜਾਇਜ਼ਾ ਲਿਆ। ਡੀ ਐਸ ਪੀ ਮਨਜੀਤ ਸਿੰਘ ਵੱਲੋਂ ਮੌਕੇ ਤੇ ਲੁਧਿਆਣਾ ਤੋਂ ਬੰਬੇ ਡਿਸਪੋਜ਼ਲ ਟੀਮ ਨੂੰ ਬੁਲਾਇਆ ਗਿਆ। ਘਟਨਾ ਦੀ ਜਾਣਕਾਰੀ ਦਿੰਦੇ ਹੋਏ ਡੀ ਐਸ ਪੀ ਮਨਜੀਤ ਸਿੰਘ ਨੇ ਦੱਸਿਆ ਕਿ ਸ਼ਾਮ ਕਰੀਬ 6 ਤੋਂ 7 ਵਜੇ ਦੇ ਵਿਚ ਖੇਤ ਮਾਲਕ ਜਸਵਿੰਦਰ ਸਿੰਘ ਅਤੇ ਉਸ ਦਾ ਸੀਰੀ ਖੇਤਾਂ ਵਿੱਚ ਮੱਕੀ ਦੇ ਖੱਤੇ ਨੂੰ ਪਾਣੀ ਲਗਾ ਰਹੇ ਸੀ ਉਨ੍ਹਾਂ ਨੂੰ ਇਕ ਭਾਰੀ ਚੀਜ਼ ਮਿਲੀ ਤਾਂ ਉਨ੍ਹਾਂ ਨੇ ਥਾਣਾ ਧਰਮਕੋਟ ਨੂੰ ਇਤਲਾਹ ਕੀਤੀ ਤਾਂ ਅਸੀਂ ਮੌਕੇ ਤੇ ਪਹੁੰਚ ਕੇ ਦੇਖਿਆ ਤਾਂ ਇੱਕ ਪੁਰਾਣਾ ਹੈਂਡ ਗਰਨੇਡ ਪਾਇਆ ਗਿਆ ਹੈ। ਅਸੀਂ ਮੌਕੇ ਦਾ ਜਾਇਜ਼ਾ ਲੈ ਕੇ ਮਾਣਯੋਗ ਐਸ ਐਸ ਪੀ ਮੋਗਾ ਨੂੰ ਇਤਲਾਹ ਕੀਤੀ ਅਤੇ ਲੁਧਿਆਣਾ ਤੋਂ ਬੰਬੇ ਡਿਸਪੋਜ਼ਲ ਟੀਮਾਂ ਨੂੰ ਮੌਕੇ ਤੇ ਬੁਲਾਇਆ ਗਿਆ । ਡੀ ਐਸ ਪੀ ਮਨਜੀਤ ਸਿੰਘ ਨੇ ਦੱਸਿਆ ਕਿ ਇਹ ਹੈਂਡ ਗਰਨੇਡ ਐੱਚ ਸੀ 36 ਜੋ ਕਿ 50 ਮੀਟਰ ਦੀ ਦੂਰੀ ਤੱਕ ਮਾਰ ਕਰਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਅਣਸੁਖਾਵੀਂ ਘਟਨਾ ਹੋਣ ਦਾ ਬਚਾਅ ਰਿਹਾ ਹੈ। ਪੁਲਿਸ ਅਧਿਕਾਰੀ ਸੰਤੋਖ ਸਿੰਘ ਦੀ ਅਗਵਾਈ ਹੇਠ ਲੁਧਿਆਣਾ ਤੋਂ ਬੰਬੇ ਡਿਸਪੋਜ਼ਲ ਚੀਮਾ ਵੱਲੋਂ ਉਕਤ ਬੰਬ ਨੂੰ ਅੱਜ ਨਕਾਰਾ ਕੀਤਾ ਗਿਆ ਹੈ। ਇਸ ਮੌਕੇ ਪੰਜਾਬ ਪੁਲਿਸ ਟੀਮ ਫਾਇਰ ਬਰਗੇਡ ਅਤੇ ਮੋਗਾ ਸਿਵਲ ਹਸਪਤਾਲ ਤੋਂ ਮੌਕੇ ਤੇ ਪਹੁੰਚੇ ਅਧਿਕਾਰੀ ਹਾਜ਼ਰ ਸਨ।

# ਕਸਬਾ ਬੰਡਾਲਾ ਦੇ ਸਰਕਾਰੀ ਸਕੂਲਾਂ ਵੱਲ ਧਿਆਨ ਦੇਵੇ ਸਰਕਾਰ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਪੰਜਾਬ ਵਿਚ ਆਪ ਦੀ ਸਰਕਾਰ ਨੇ ਦਿੱਲੀ ਦੀ ਤਰਜ਼ ਤੇ ਸਕੂਲਾਂ ਵਿਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਤੇ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਕਰਕੇ ਪ੍ਰਾਈਵੇਟ ਸਕੂਲਾਂ ਤੋਂ ਵਧੀਆਂ ਸਕੂਲ ਦਾ ਵਾਅਦਾ ਜਨਤਾ ਨਾਲ ਕੀਤਾ ਹੈ ।ਜ਼ਿਕਰਯੋਗ ਹੈ ਕਿ ਕਸਬਾ ਬੰਡਾਲਾ ਵਿਚ ਚਾਰ ਸਰਕਾਰੀ ਸਕੂਲ ਵਿਦਿਆਰਥੀਆਂ ਨੂੰ ਵਿਦਿਆ ਪ੍ਰਦਾਨ ਕਰ ਰਹੇ ਹਨ । ਇਨ੍ਹਾਂ ਵਿਚ ਦੋ ਐਲੀਮੈਂਟਰੀ, ਦੋ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਤੇ ਲੜਕੀਆਂ ਦੇ ਹਨ । ਸਰਕਾਰੀ ਐਲੀਮੈਂਟਰੀ ਸਕੂਲ-1 ਦੇ ਮੇਨ ਦਰਵਾਜ਼ੇ ਸਾਹਮਣੇ ਅਤੇ ਨਾਲ ਕੰਧ ਤੇ ਵੱਡਾ ਰੂੜੀ ਦਾ ਢੇਰ ਲੱਗਾ ਰਹਿੰਦਾ ਹੈ ਅਤੇ ਸਾਹਮਣੇ ਵੀ ਕੂੜਾ ਕਰਕਟ ਖਿਲਰਿਆ ਰਹਿੰਦਾ ਹੈ । ਛੋਟੇ ਬੱਚਿਆ ਵਾਸਤੇ ਬਣਿਆ ਸਰਕਾਰੀ ਸਕੂਲ-2 ਦੇ ਨਾਲ ਫਿਰਨੀ ਵਾਲੀ ਲਿੰਕ ਸੜਕ ਲੰਘਦੀ ਹੈ ਜਿਸ ਤੇ ਲੋਕਾਂ ਵਲੋਂ ਰੂੜੀ ਅਤੇ ਕੂੜੇ ਦੇ ਢੇਰ ਲਗਾਏ ਜਾਂਦੇ ਹਨ । ਜਿਸ ਵੱਲ ਬੀਤੇ ਸਮੇਂ ਦੀਆਂ ਸੱਤਾ ਹਢਾ ਚੁੱਕੀਆ ਸਰਕਾਰਾਂ ਨੇ ਕੋਈ ਧਿਆਨ ਨਹੀਂ ਦਿੱਤਾ ਕਿ ਰੂੜੀ ਅਤੇ ਕੂੜੇ ਕਰਕਟ ਲਈ ਕੋਈ ਵਿਸ਼ੇਸ਼ ਥਾਂ ਬਣਾ ਦਿੱਤੀ ਤਾਂ ਜੋ ਬੱਚਿਆਂ ਦੇ ਸਕੂਲਾਂ ਲਾਗੇ ਸਾਫ ਸੁਥਰਾ ਮਾਹੌਲ ਬਣਾਇਆ ਜਾ ਸਕੇ । ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਦੀ ਪਿਛਲੀ ਦੀਵਾਰ ਦੇ ਨਾਲ ਪੱਤੀ ਮਸੂਰ ਕੀ ਦੇ ਛੱਪੜ ਦੇ ਪਾਣੀ ਦਾ ਨਿਕਾਸ ਨਾ ਹੋਣ ਕਰਕੇ ਹਾਕੀ ਦੀ ਗਰਾਂਊਡ ਵਾਸਤੇ ਰਾਖਵੀਂ ਰੱਖੀ ਜਗ੍ਹਾਂ ਵਿਚ ਇੱਕ ਹੋਰ ਛੱਪੜ ਬਣ ਗਿਆ ਹੈ । ਇਸ ਸਕੂਲ ਵਿਚ ਆਰਟਸ ਗਰੁੱਪ ਤੋਂ ਇਲਾਵਾ ਹੋਰ ਵਿਸ਼ੇਆਂ ਦੀ ਪੜ੍ਹਾਈ ਨਾ ਹੋਣ ਕਰਕੇ ਮੈਡੀਕਲ, ਨਾਨ ਮੈਡੀਕਲ, ਕਾਮਰਸ ਆਦਿ ਦੀ ਪੜ੍ਹਾਈ ਕਰਨ ਵਾਲੇ ਵਿਦਿਆਰਥੀ ਸ਼ਹਿਰ ਦੇ ਸਕੂਲਾਂ ਵਿਚ ਜਾਣ ਲਈ ਮਜ਼ਬੂਰ ਹਨ ਪਿਛਲੀ ਸਰਕਾਰ ਨੇ ਚੁਣੇ ਹੋਏ ਨੁਮਾਇੰਦਿਆ ਨੇ ਸਾਰੇ ਵਿਸ਼ਿਆਂ ਦੀ ਪੜ੍ਹਾਈ ਏਥੇ ਸ਼ੁਰੂ ਕਰਵਾਉਣ ਸਬੰਧੀ ਬਹੁਤ ਐਲਾਨ ਕੀਤੇ ਸਨ ਪਰ ਉਹ ਝੂਠ ਬਣ ਕੇ ਰਹਿ ਗਏ ਹਨ । ਭੁਪਿੰਦਰ ਸਿੰਘ, ਲਵਜੀਤ ਸਿੰਘ, ਜਗਤਾਰ ਸਿੰਘ, ਆਦਿ ਨੇ ਕਿਹਾ ਕਿ ਹੁਣ ਆਪ ਦੀ ਸਰਕਾਰ ਕੋਲੋ ਆਸ ਲਗਾਈ ਜਾ ਰਹੀ ਹੈ ਕਿ ਇਲਾਕੇ ਦੇ ਸਕੂਲ ਵਧੀਆ ਬਣ ਸਕਣਗੇ ਦੇਖਣਾ ਹੋਵੇਗਾ ਕਿ ਕਦੋਂ ਤੱਕ ਇਨ੍ਹਾਂ ਸਕੂਲਾਂ ਸੁਧਾਰ ਆਵੇਗਾ । ਇਸ ਸਬੰਧੀ ਸਿੱਖਿਆ ਮੰਤਰੀ ਨਾਲ ਰਾਬਤਾ ਕਰਨ ਦੀ ਕੋਸ਼ਿਸ਼ ਕੀਤੀ ਪਰ ਸੰਪਰਕ ਨਹੀਂ ਹੋ ਸਕਿਆ ।